EDUCATING LITERATES
LALLY Infosys
Since 1997
Group of Institutions
ISO 9001-2015 Certified
Serving Society with Quality Education
STUDY ABROAD
LALLY BUILDING, BMC CHOWK
JALANDHAR 98889-00011

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ ਅਮਨਦੀਪ ਮਹਿਰਾ
ਸ਼ਨੀਵਾਰ 04 ਮਈ 2024

ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa
8194 828282

R.N.I.Punpun/29016/2008 * ਸਾਲ 15 * ਅੰਕ : 340 * ਮੁੱਲ ; 5.00 ਰੁਪਏ * ਕੁੱਲ ਪੇਜ਼ 10 * ਦਫਤਰ : 0181-2211009 * : M 99155-94111

ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa | 8194 828282

## ਪਾਕਿਸਤਾਨ 'ਚ ਹੋਏ ਜ਼ਬਰਦਸਤ ਧਮਾਕੇ ਤਿੰਨ ਦੀ ਹੋਈ ਮੌਤ

ਇਸਲਾਮਾਬਾਦ, 3 ਮਈ- ਪਾਕਿਸਤਾਨ ਦੇ ਦੱਖਣੀ-ਪੱਛਮੀ ਬਲੋਚਿਸਤਾਨ ਸੂਬੇ ਦੇ ਖੁਜ਼ਦਾਰ ਜ਼ਿਲ੍ਹੇ 'ਚ ਅੱਜ ਹੋਏ ਧਮਾਕੇ 'ਚ ਘੱਟੋ-ਘੱਟ 3 ਲੋਕਾਂ ਦੀ ਮੌਤ ਹੋ ਗਈ ਅਤੇ 8 ਹੋਰ ਜ਼ਖ਼ਮੀ ਹੋ ਗਏ। ਪੁਲਿਸ ਅਨੁਸਾਰ ਜ਼ਿਲ੍ਹੇ ਦੇ ਚਮਰੂਕ ਇਲਾਕੇ ਵਿਚ ਦੁਪਹਿਰ ਵੇਲੇ ਇਕ ਸਥਾਨਕ ਪੱਤਰਕਾਰ ਦੀ ਗੱਡੀ ਨੂੰ ਵਿਸਫੋਟਕ ਯੰਤਰ ਨਾਲ ਨਿਸ਼ਾਨਾ ਬਣਾਇਆ ਗਿਆ। ਇਸ ਵਿਚ ਕਿਹਾ ਗਿਆ ਹੈ ਕਿ ਧਮਾਕੇ ਵਿਚ ਪੱਤਰਕਾਰ ਅਤੇ ਦੋ ਹੋਰ ਲੋਕਾਂ ਦੀ ਮੌਤ ਹੋ ਗਈ ਜਦੋਂ ਕਿ ਅੱਠ ਹੋਰ ਲੋਕ ਜ਼ਖਮੀ ਹੋ ਗਏ, ਜੋ ਘਟਨਾ ਸਥਾਨ 'ਤੇ ਮੌਜੂਦ ਸਨ। ਜਾਣਕਾਰੀ ਅਨੁਸਾਰ ਸਾਰੇ ਜ਼ਖਮੀ ਲੋਕਾਂ ਨੂੰ ਸਥਾਨਕ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਅਜੇ ਤੱਕ ਕਿਸੇ ਸਮੂਹ ਜਾਂ ਵਿਅਕਤੀ ਨੇ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ।

## ਦਿੱਲੀ ਦੀ ਤਿਹਾੜ ਜੇਲ੍ਹ ਵਿਚ ਝਗੜੇ ਦੌਰਾਨ ਇਕ ਕੈਦੀ ਦੀ ਹੋਈ ਮੌਤ

**ਨਵੀਂ ਦਿੱਲੀ, 3 ਮਈ-** ਤਿਹਾੜ ਜੇਲ੍ਹ ਦੇ ਅਧਿਕਾਰੀਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦੀ ਜੇਲ੍ਹ ਨੰਬਰ 3 ਵਿਚ ਅੱਜ ਦੁਪਹਿਰ ਇਕ ਕੈਦੀ ਨਾਲ ਬਹਿਸ ਮਗਰੋਂ ਹੋਏ ਝਗੜੇ ਵਿਚ ਦੂਜੇ ਕੈਦੀ ਦੀ ਮੌਤ ਹੋ ਗਈ। ਮ੍ਰਿਤਕ ਜੇਲ੍ਹ ਵਿਚ ਸੇਵਾਦਾਰ ਦਾ ਕੰਮ ਕਰਦਾ ਸੀ। ਉਨ੍ਹਾਂ ਕਿਹਾ ਕਿ ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਹੈਲੀਕਾਪਟਰ ਉਤਰਦੇ ਸਮੇਂ ਵਾਪਰਿਆ ਹਾਦਸਾ ਪਾਇਲਟ ਹੋਇਆ ਜ਼ਖ਼ਮੀ



ਮੁੰਬਈ, 3 ਮਈ- ਮਹਾਰਾਸ਼ਟਰ ਦੇ ਰਾਏਗੜ੍ਹ ਜ਼ਿਲ੍ਹੇ ਵਿਚ ਅੱਜ ਨਿੱਜੀ ਹੈਲੀਕਾਪਟਰ ਉਤਰਦੇ ਸਮੇਂ ਇਕ ਪਾਸੇ ਝੁਕ ਗਿਆ, ਜਿਸ ਕਾਰਨ ਪਾਇਲਟ ਜ਼ਖ਼ਮੀ ਹੋ ਗਿਆ। ਹੈਲੀਕਾਪਟਰ ਸ਼ਿਵ ਸੈਨਾ (ਯੂਬੀਟੀ) ਦੀ ਨੇਤਾ ਸੁਸ਼ਮਾ ਅੰਧਾਰੇ ਨੂੰ ਚੱਲ ਰਹੀਆਂ ਲੋਕ ਸਭਾ ਚੋਣਾਂ ਦੇ ਸਬੰਧ ਵਿੱਚ ਜਨਤਕ ਰੈਲੀ ਲਈ ਲੈਣ ਆਇਆ ਸੀ। ਸਵੇਰੇ ਕਰੀਬ 9.30 ਵਜੇ ਪਾਇਲਟ ਨੇ ਹੈਲੀਕਾਪਟਰ ਨੂੰ ਮਹਾਡ 'ਚ ਅਸਥਾਈ ਹੈਲੀਪੈਡ 'ਤੇ ਉਤਾਰਨ ਦੀ ਕੋਸ਼ਿਸ਼ ਕੀਤੀ ਅਤੇ ਇਸ ਦੌਰਾਨ ਹੈਲੀਕਾਪਟਰ ਇਕ ਪਾਸੇ ਝੁਕ ਗਿਆ।

## 20 ਤੋਂ ਬਾਅਦ ਆਉਣਗੇ ਸੀਬੀਐਸਈ ਦੇ 10ਵੀ ਤੇ 12ਵੀ ਦੇ ਨਤੀਜੇ



**ਜਲੰਧਰ, ਹਰਬੰਸ ਬਿੱਟੂ-** ਸੀਬੀਐੱਸਈ ਨੇ ਆਪਣੀ ਅਧਿਕਾਰਤ ਵੈੱਬਸਾਈਟ ਰਾਹੀਂ ਜਾਣਕਾਰੀ ਦਿੱਤੀ ਹੈ 10ਵੀਂ ਅਤੇ 12ਵੀਂ ਦਾ ਨਤੀਜਾ 20 ਮਈ ਤੋਂ ਬਾਅਦ ਐਲਾਨਿਆ ਜਾਵੇਗਾ। ਬੋਰਡ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਿਭਾਗ ਦੇ ਨਾਂ 'ਤੇ ਫੈਲਾਈਆਂ ਜਾ ਰਹੀਆਂ ਝੂਠੀਆਂ ਖ਼ਬਰਾਂ ਤੋਂ ਸੁਚੇਤ ਹੋਣ ਲਈ ਕਿਹਾ ਹੈ। ਕੁਝ ਸਾਈਟਾਂ ਵਲੋਂ ਸੀਬੀਐੱਸਈ ਦੇ ਨਾਂ 'ਤੇ ਨਤੀਜਾ ਆਉਣ ਦੀ ਅਫ਼ਵਾਹ ਫੈਲਾਈ ਜਾ ਰਹੀ ਸੀ, ਜਿਸ ਦੀ ਵਿਭਾਗ ਵਲੋਂ ਜਾਂਚ ਕੀਤੀ ਗਈ ਅਤੇ ਇਸ ਨੂੰ ਝੂਠ ਕਰਾਰ ਦਿੱਤਾ ਗਿਆ ਹੈ।

## ਕਪੂਰਥਲਾ ਦਾ ਨੌਜਵਾਨ 20 ਦਿਨਾਂ ਤੋਂ ਹੈ ਗੁਆਚਾ

ਕਪੂਰਥਲਾ, ਲੋਕ ਬਾਣੀ - ਪੰਜਾਬ ਵਿੱਚ ਜਦੋਂ ਦੀ ਆਪ ਸਰਕਾਰ ਆਈ ਹੈ ਅਮਨ ਕਾਨੂੰਨ ਤਾਂ ਗੁਆਚ ਹੀ ਗਿਆ ਹੈ ਤਾਜ਼ਾ ਮਾਮਲਾ ਕਪੂਰਥਲਾ ਦੇ ਸੁਲਤਾਨਪੁਰ ਲੋਧੀ ਰੋਡ 'ਤੇ ਪੈਂਦੇ ਪਿੰਡ ਸ਼ੇਖੂਪੁਰ ਦਾ ਇਕ ਭਾਜਪਾ ਆਗੂ ਤੇ ਵਪਾਰੀ ਪਿਛਲੇ 20 ਦਿਨਾਂ ਤੋਂ ਸ਼ੱਕੀ ਹਾਲਾਤ 'ਚ ਲਾਪਤਾ ਦੱਸਿਆ ਜਾ ਰਿਹਾ ਹੈ। ਉਸ ਦੇ ਪਰਿਵਾਰਕ ਮੈਂਬਰਾਂ ਵੱਲੋਂ ਥਾਣਾ ਸਿਟੀ ਨੂੰ ਦਿੱਤੀ ਸ਼ਿਕਾਇਤ ਤੋਂ ਬਾਅਦ ਜ਼ਿਲ੍ਹਾ ਪੁਲਿਸ ਨੇ ਉਸ ਦੀ ਫੋਟੋ ਸਮੇਤ ਸੂਚਨਾ ਭੇਜ ਕੇ ਪੰਜਾਬ ਦੇ ਸਾਰੇ ਥਾਣਿਆਂ ਨੂੰ ਅਲਰਟ ਕਰ ਦਿੱਤਾ ਹੈ।

## ਪੰਜਾਬ ਦੇ ਮੁੱਖ ਮੰਤਰੀ ਦੇ ਘਰ ਸਾਹਮਣੇ ਸੜਕ ਖੋਲਣ ਦੇ ਸੁਪਰੀਮ ਕੋਰਟ ਨੇ ਦਿੱਤੇ ਹੁਕਮ



ਚੰਡੀਗੜ੍ਹ, ਵਿਨੋਦ ਸ਼ਰਮਾ- ਸੁਪਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੰਡੀਗੜ੍ਹ ਸਥਿਤ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਦੇ ਸਾਹਮਣੇ ਵਾਲੀ ਸੜਕ ਨੂੰ 1 ਮਈ ਤੋਂ ਆਮ ਜਨਤਾ ਲਈ ਖੋਲ੍ਹਣ ਦੇ ਹੁਕਮਾਂ 'ਤੇ ਰੋਕ ਲਗਾ ਦਿੱਤੀ ਹੈ। ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਦੀਪਾਂਕਰ ਦੱਤਾ ਦੇ ਬੈਂਚ ਨੇ ਪੰਜਾਬ ਸਰਕਾਰ ਦੀ ਪਟੀਸ਼ਨ 'ਤੇ ਨੋਟਿਸ ਜਾਰੀ ਕਰਕੇ ਮਾਮਲੇ ਦੀ ਸੁਣਵਾਈ ਸਤੰਬਰ ਲਈ ਅੱਗੇ ਪਾ ਦਿੱਤੀ ਹੈ।

## ਜਲੰਧਰ ਦੀ ਲਵਲੀ ਯੂਨੀਵਰਸਿਟੀ 'ਚ ਫਿਰ ਹੰਗਾਮਾ, ਵਿਦਿਆਰਥੀ ਨੇ ਕੀਤੀ ਖੁਦਕੁਸ਼ੀ

**ਜਲੰਧਰ ਲੋਕ ਬਾਣੀ :** ਪੰਜਾਬ ਦੇ ਫਗਵਾੜਾ ਦੀ ਮਸ਼ਹੂਰ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਅਕਸਰ ਹੀ ਵਿਵਾਦਾਂ 'ਚ ਘਿਰੀ ਰਹਿੰਦੀ ਹੈ। ਇਸ ਦੇ ਨਾਲ ਹੀ ਹਾਲ ਹੀ ਵਿੱਚ ਯੂਨੀਵਰਸਿਟੀ ਦੇ ਇੱਕ ਵਿਦਿਆਰਥੀ ਵੱਲੋਂ ਖੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਫਿਲਹਾਲ ਵਿਦਿਆਰਥੀ ਦੀ ਪਛਾਣ ਨਹੀਂ ਹੋ ਸਕੀ ਹੈ ਅਤੇ ਖੁਦਕੁਸ਼ੀ ਦੇ ਕਾਰਨਾਂ ਦਾ ਵੀ ਪਤਾ ਨਹੀਂ ਲੱਗ ਸਕਿਆ ਹੈ।

DIPS INSTITUTIONS
DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com (dipsimt@gmail.com)
CONTACT : 95010-00697, 97806-00998

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਕਮਿਸ਼ਨਰੇਟ ਪੁਲਿਸ ਨੇ ਕਈ ਚੋਰੀਆਂ ਅਤੇ ਖੋਹ ਦੀਆਂ ਵਾਰਦਾਤਾਂ ਵਿੱਚ ਸ਼ਾਮਲ ਗਿਰੋਹ ਦਾ ਪਰਦਾਫਾਸ਼ ਕੀਤਾ



**ਜਲੰਧਰ , ਹਰਬੰਸ ਬਿੱਟੂ-** ਪੁਲਿਸ ਕਮਿਸ਼ਨਰ ਸ੍ਰੀ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਪੁਲਿਸ ਕਮਿਸ਼ਨਰੇਟ ਨੇ ਕਈ ਚੋਰੀਆਂ ਅਤੇ ਖੋਹਾਂ ਕਰਨ ਵਾਲੇ ਇੱਕ ਬਦਨਾਮ ਗਿਰੋਹ ਦਾ ਪਰਦਾਫਾਸ਼ ਕਰਕੇ ਪੰਜ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ ਤਿੰਨ ਮੋਟਰਸਾਈਕਲ, ਇੱਕ ਐਕਟਿਵਾ ਅਤੇ 10 ਮੋਬਾਈਲ ਫ਼ੋਨ ਬਰਾਮਦ ਕੀਤੇ ਹਨ।

ਵੇਰਵਿਆਂ ਦਾ ਖੁਲਾਸਾ ਕਰਦਿਆਂ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਪੁਲਿਸ ਨੂੰ ਸੂਹ ਮਿਲੀ ਸੀ ਕਿ ਸੰਨੀ, ਸਾਗਰ ਸਿੰਘ ਉਰਫ ਗਾਮਾ, ਅਮਰਜੀਤ ਸਿੰਘ ਉਰਫ ਵਿੱਕੀ, ਵਿਕਰਮ ਸਿੰਘ ਉਰਫ ਵਿੱਕੀ ਅਤੇ ਰਵੀ ਖਿਲਾਫ ਕਈ ਕੇਸ ਦਰਜ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਦੋਸ਼ੀਆਂ ਵੱਲੋਂ ਮੋਟਰਸਾਈਕਲ, ਇੱਕ ਸਪਲੈਂਡਰ (ਪੀ.ਬੀ.08-ਐਫਬੀ-3473) ਅਤੇ ਬਿਨਾਂ ਨੰਬਰ ਦੇ ਇੱਕ ਐਕਟਿਵਾ ਦੀ ਵਰਤੋਂ ਕਰਦਿਆਂ ਪ੍ਰਵਾਸੀ ਵਿਅਕਤੀਆਂ ਤੋਂ ਮੋਬਾਈਲ ਫ਼ੋਨ ਅਤੇ ਪਰਸ ਖੋਹ ਲਏ ਜਾਣ ਦੀ ਸੂਚਨਾ ਹੈ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲੀਸ ਪਾਰਟੀ ਨੇ ਇਨ੍ਹਾਂ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 10 ਮੋਬਾਈਲ ਫੋਨ ਬਰਾਮਦ ਕੀਤੇ ਹਨ।

ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਤਫਤੀਸ਼ ਦੌਰਾਨ ਅਮਰਜੀਤ ਸਿੰਘ ਉਰਫ ਵਿੱਕੀ ਅਤੇ ਸਾਗਰ ਸਿੰਘ ਉਰਫ ਗਾਮਾ ਨੇ ਮੰਨਿਆ ਕਿ ਉਨ੍ਹਾਂ ਨੇ ਮਨੋਜ ਕੁਮਾਰ ਪੁੱਤਰ ਧਰਮ ਰਾਜ ਵਾਸੀ ਫਾਟਕ ਤੋਂ 3000 ਰੁਪਏ ਅਤੇ ਇੱਕ ਹੀਰੋ ਸਪਲੈਂਡਰ ਮੋਟਰਸਾਈਕਲ (ਪੀ.ਬੀ.08-ਬੀ.ਐੱਸ.-9611) ਖੋਹਿਆ ਸੀ। ਇਸ ਲਈ, ਉਨ੍ਹਾਂ ਕਿਹਾ ਕਿ ਪੁਲਿਸ ਮੁਕੱਦਮਾ/ਐਫਆਈਆਰ ਨੰਬਰ 67 ਮਿਤੀ 06-04-2024 ਅਧੀਨ 379ਬੀ,34 ਆਈ.ਪੀ.ਸੀ. ਪੀ.ਐਸ. ਬਸਤੀ ਬਾਵਾ ਖੇਲ ਜਲੰਧਰ ਨੂੰ ਟਰੇਸ ਕਰ ਲਿਆ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲੀਸ ਨੇ ਇਨ੍ਹਾਂ ਕੋਲੋਂ ਤਿੰਨ ਹੀਰੋ ਹਾਂਡਾ ਮੋਟਰਸਾਈਕਲ, ਇੱਕ ਐਕਟਿਵਾ ਅਤੇ 10 ਮੋਬਾਈਲ ਬਰਾਮਦ ਕੀਤੇ ਹਨ।

ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਮੁਲਜ਼ਮਾਂ ਖ਼ਿਲਾਫ਼ ਥਾਣਾ ਬਸਤੀ ਬਾਵਾ ਖੇਲ ਜਲੰਧਰ ਵਿਖੇ ਐਫਆਈਆਰ 80 ਮਿਤੀ 01-05-2024 ਅਧੀਨ 379ਬੀ/411/34 ਆਈਪੀਸੀ ਦਰਜ ਕੀਤੀ ਗਈ ਹੈ।

# ਪੰਜਾਬ ਵਿੱਚ ਅੱਜ ਪਵੇਗਾ ਭਾਰੀ ਮੀਂਹ



ਚੰਡੀਗੜ੍ਹ, ਵਿਨੋਦ ਸ਼ਰਮਾ

ਪੰਜਾਬ ਦੇ ਅੰਦਰ ਕੱਲ੍ਹ ਭਾਰੀ ਮੀਂਹ ਪੈਣ ਦੇ ਨਾਲ ਨਾਲ ਠੰਡੀਆਂ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਮੌਸਮ ਵਿਭਾਗ (IMD) ਦੇ ਵਲੋਂ ਪੰਜਾਬ ਦੇ ਅੰਦਰ ਮੀਂਹ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।

ਦੂਜੇ ਪਾਸੇ, ਚੰਡੀਗੜ੍ਹ-ਹਰਿਆਣਾ ਅਤੇ ਹਿਮਾਚਲ ਵਿਚ ਵੀ ਮੌਸਮ ਵਿਚ ਗੜਬੜ ਨੂੰ ਲੈ ਕੇ ਆਈਐੱਮਡੀ ਨੇ ਚੇਤਾਵਨੀ ਦਿੱਤੀ ਹੈ।

ਇਥੇ ਜਿਕਰ ਕਰਨਾ ਬਣਦਾ ਹੈ ਕਿ, ਦੇਸ਼ ਵਿੱਚ ਅੱਤ ਦੀ ਗਰਮੀ ਅਤੇ ਗਰਮੀ ਦੀ ਲਹਿਰ ਕਾਰਨ ਲੋਕ ਪ੍ਰੇਸ਼ਾਨ ਹਨ।

ਮਈ ਦੇ ਸ਼ੁਰੂ ਵਿੱਚ ਦਿੱਲੀ ਐਨਸੀਆਰ ਵਿੱਚ ਗਰਮੀਆਂ ਦਾ ਸਭ ਤੋਂ ਸਖ਼ਤ ਰੂਪ ਦੇਖਣ ਨੂੰ ਮਿਲ ਰਿਹਾ ਹੈ, ਜਿੱਥੇ ਤਾਪਮਾਨ ਵੱਧ ਰਿਹਾ ਹੈ। ਹਾਲਾਂਕਿ, ਇਸ ਹਫਤੇ ਤਾਪਮਾਨ ਇਕ ਵਾਰ ਫਿਰ 40 ਤੋਂ ਪਾਰ ਜਾਣ ਦੀ ਸੰਭਾਵਨਾ ਹੈ। ਮੀਂਹ ਦਸਤਕ ਦੇ ਸਕਦਾ ਹੈ।

ਭਾਰਤੀ ਮੌਸਮ ਵਿਭਾਗ (IMD) ਨੇ ਹੀਟਵੇਵ ਨੂੰ ਲੈ ਕੇ ਵੀ ਅਲਰਟ ਜਾਰੀ ਕੀਤਾ ਹੈ। ਪੰਜਾਬ ਸਮੇਤ ਕੁਝ ਰਾਜਾਂ ਵਿੱਚ ਗਰਜ ਅਤੇ ਹਲਕੀ ਬਾਰਿਸ਼ ਹੋ ਸਕਦੀ ਹੈ। ਜੇਕਰ ਦਿੱਲੀ ਐਨਸੀਆਰ ਦੇ ਮੌਸਮ ਦੀ ਗੱਲ ਕਰੀਏ ਤਾਂ ਬੱਦਲ ਛਾਏ ਰਹਿਣਗੇ। ਤੇਜ਼ ਹਵਾਵਾਂ ਵੀ ਚੱਲਣਗੀਆਂ।

4 ਮਈ ਨੂੰ ਗਰਜ ਅਤੇ ਮੀਂਹ ਵੀ ਪੈ ਸਕਦਾ ਹੈ। ਆਉਣ ਵਾਲੇ ਦਿਨਾਂ 'ਚ ਤਾਪਮਾਨ 40 ਡਿਗਰੀ ਨੂੰ ਪਾਰ ਕਰ ਸਕਦਾ ਹੈ, ਜਦਕਿ 5-6 ਮਈ ਨੂੰ ਮੌਸਮ ਸਾਫ ਰਹੇਗਾ।

ਆਂਧਰਾ ਪ੍ਰਦੇਸ਼ ਦੇ ਯਮਨ ਵਿੱਚ ਸਭ ਤੋਂ ਵੱਧ 46.2 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ। ਤਿਰੂਪਤੀ, ਤੇਲੰਗਾਨਾ ਅਤੇ ਓਡੀਸ਼ਾ 'ਚ ਪਾਰਾ 45 ਡਿਗਰੀ ਸੈਲਸੀਅਸ 'ਤੇ ਰਿਹਾ।

IMD ਨੇ ਸਖ਼ਤ ਗਰਮੀ ਦਾ ਅਲਰਟ ਜਾਰੀ ਕਰਦਿਆਂ ਕਿਹਾ ਕਿ ਬਿਹਾਰ, ਪੱਛਮੀ ਬੰਗਾਲ, ਤਾਮਿਲਨਾਡੂ, ਝਾਰਖੰਡ, ਉੜੀਸਾ, ਤੇਲੰਗਾਨਾ ਅਤੇ ਤੱਟੀ ਆਂਧਰਾ ਪ੍ਰਦੇਸ਼ ਵਿੱਚ ਗਰਮੀ ਦੀ ਲਹਿਰ ਚੱਲ ਰਹੀ ਹੈ, ਜਦੋਂ ਕਿ ਪੁਡੂਚੇਰੀ ਅਤੇ ਕਰਨਾਟਕ ਵਿੱਚ 4 ਮਈ ਤੱਕ ਗਰਮੀ ਦੀ ਲਹਿਰ ਬਣੀ ਰਹੇਗੀ।

# ਸਰਕਾਰੀ ਸਕੂਲਾਂ ਦੇ 10 ਪ੍ਰਿੰਸੀਪਲ ਸਸਪੈਂਡ, ਸਫ਼ਾਈ ਸੇਵਕਾਂ ਦੀ ਭਰਤੀ 'ਚ ਲੱਖਾਂ ਰੁਪਏ ਦੇ ਘਪਲੇ ਦਾ ਦੋਸ਼

ਚੰਡੀਗੜ੍ਹ- ਸਿੱਖਿਆ ਵਿਭਾਗ ਨੇ ਵੱਡੀ ਕਾਰਵਾਈ ਕਰਦਿਆਂ ਸ਼ਹਿਰ ਦੇ ਸਰਕਾਰੀ ਸਕੂਲਾਂ ਵਿੱਚ ਸਫ਼ਾਈ ਸੇਵਕਾਂ ਨੂੰ ਨੌਕਰੀ ਦੇ ਕੇ ਕਰੀਬ ਡੇਢ ਕਰੋੜ ਰੁਪਏ ਦੀ ਠੱਗੀ ਮਾਰਨ ਦੇ ਮਾਮਲੇ ਵਿੱਚ ਇੱਕੋ ਸਮੇਂ 10 ਸਕੂਲਾਂ ਦੇ ਮੁਖੀਆਂ ਨੂੰ ਮੁਅੱਤਲ ਕਰ ਦਿੱਤਾ ਹੈ।




ਨਾਲ ਹੀ ਡੈਪੂਟੇਸ਼ਨ 'ਤੇ ਤਾਇਨਾਤ ਇਕ ਪ੍ਰਿੰਸੀਪਲ ਨੂੰ ਵੀ ਵਾਪਸ ਪੰਜਾਬ ਭੇਜਣ ਦੇ ਹੁਕਮ ਜਾਰੀ ਕੀਤੇ ਗਏ ਸਨ, ਜਿਸ 'ਚ ਬੁੱਧਵਾਰ ਨੂੰ ਸ਼ਹਿਰ ਦੇ 400 ਦੇ ਕਰੀਬ ਲੋਕਾਂ ਨਾਲ ਠੱਗੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਸੀ।

ਮੀਡੀਆ ਰਿਪੋਰਟਾਂ ਮੁਤਾਬਿਕ, ਦੋਸ਼ ਹੈ ਕਿ, ਰਾਮਦਰਬਾਰ ਵਾਸੀ ਠੇਕੇਦਾਰ ਰਾਜੀਵ ਉਰਫ਼ ਰਾਜੂ ਉਰਫ਼ ਰਾਜੇਸ਼ ਨੇ ਲੋਕਾਂ ਤੋਂ 40-40 ਹਜ਼ਾਰ ਰੁਪਏ ਲੈ ਕੇ ਸਰਕਾਰੀ ਸਕੂਲਾਂ ਵਿੱਚ ਸਫ਼ਾਈ ਸੇਵਕਾਂ ਵਜੋਂ ਨੌਕਰੀ ਲਗਵਾਈ।

ਕਈ ਮਹੀਨੇ ਕੰਮ ਕਰਨ ਤੋਂ ਬਾਅਦ ਜਦੋਂ ਸਫ਼ਾਈ ਸੇਵਕਾਂ ਨੂੰ ਤਨਖਾਹ ਨਹੀਂ ਮਿਲੀ ਤਾਂ ਧੋਖਾਧੜੀ ਦਾ ਮਾਮਲਾ ਸਾਹਮਣੇ ਆਇਆ। ਇਸ ਮਾਮਲੇ ਵਿੱਚ ਸਕੂਲ ਮੁਖੀਆਂ ਅਤੇ ਪ੍ਰਿੰਸੀਪਲਾਂ ਦੀ ਲਾਪਰਵਾਹੀ ਸਾਹਮਣੇ ਆਈ ਹੈ।

ਸਿੱਖਿਆ ਵਿਭਾਗ ਨੇ ਵੀਰਵਾਰ ਨੂੰ ਇਸ ਮਾਮਲੇ 'ਚ ਕਾਰਵਾਈ ਕੀਤੀ। ਸਿੱਖਿਆ ਵਿਭਾਗ ਵੱਲੋਂ ਜਾਰੀ ਕੇਂਦਰੀ ਸਿਵਲ ਸੇਵਾਵਾਂ ਦੇ ਨਿਯਮ-10 ਤਹਿਤ ਚਾਰ ਹੈੱਡਮਿਸਟ੍ਰੈਸਾਂ ਅਤੇ ਛੇ ਸਕੂਲ ਇੰਚਾਰਜਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।

ਮੁਅੱਤਲ ਕੀਤੇ ਗਏ ਸਕੂਲ ਇੰਚਾਰਜਾਂ ਵਿੱਚ ਜੀਐਮਐਚਐਸ-ਆਰਸੀ-1 ਧਨਾਸ ਦੀ ਹੈੱਡਮਿਸਟ੍ਰੈਸ ਵਰਿੰਦਰ ਕੌਰ, ਜੀਐਮਐਚਐਸ-43 ਹੈੱਡ ਹਰਮਨਪ੍ਰੀਤ ਕੌਰ, ਜੀਐਮਐਚਐਸ-ਆਰਸੀ-2 ਧਨਾਸ ਹੈੱਡ ਰਵਿੰਦਰ ਕੌਰ ਅਤੇ ਜੀਐਮਐਚਐਸ-ਵਿਕਾਸ ਨਗਰ ਸਾਰਿਕਾ ਬਜਾਜ, ਜੀਐਮਐਚਐਸ-ਮੌਲੀਜਾਗਰਣ ਦੀ ਟੀਜੀਟੀ ਭਾਰਤੀ ਵੰਦਨਾ, ਜੀਐਮਐਸ-ਪਾਕੇਟ ਨੰਬਰ 6 ਮਨੀਮਾਜਰਾ ਦੀ ਟੀਜੀਟੀ ਸੁਨੀਤਾ ਟੰਡਨ, ਜੀਐਮਐਸ-ਬੜੈਲ ਦੇ ਟੀਜੀਟੀ ਕ੍ਰਿਸ਼ਨਾ ਮੋਹਨ, ਜੀਐਮਐਸ-26 ਬਾਪੂਧਾਮ ਦੇ ਮਨਜੀਤ ਸਿੰਘ, ਜੀਐਮਐਸ-56 ਰਵਿੰਦਰ ਸ਼ਾਮਲ ਹਨ। ਸਿੰਘ ਅਤੇ ਜੀਪੀਐਸ-ਆਰਸੀ-3 ਧਨਾਸ ਦੇ ਜੇਬੀਟੀ ਵੀਨਾ ਭੰਡਾਰੀ ਸ਼ਾਮਲ ਹਨ।

# ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਝਾਂਸਾ ਦੇ ਕੇ ਮੁਲਾਜ਼ਮਾਂ ਤੋਂ ਵੋਟਾਂ ਬਟੋਰੀਆਂ ! ਪਰ ਹੁਣ ਮੁਲਾਜ਼ਮ ਵਿਖਾਉਣਗੇ ਤਾਕਤ- ਪੋਸਟਰ ਜਾਰੀ

ਨਵਾਂਸ਼ਹਿਰ- ਪੁਰਾਣੀ ਪੈਨਸ਼ਨ ਬਹਾਲੀ ਸ਼ੰਘਰਸ਼ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਦੀ ਇੱਕ ਵਿਸ਼ੇਸ਼ ਮੀਟਿੰਗ ਗੁਰਦਿਆਲ ਮਾਨ ਜ਼ਿਲ੍ਹਾ ਕਨਵੀਨਰ ਦੀ ਪ੍ਰਧਾਨਗੀ ਹੇਠ ਲੰਗੜੋਆ ਵਿਖੇ ਹੋਈ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਆਪਣੀ ਚਿਰਾਂ ਤੋਂ ਲਟਕਦੀ ਆ ਰਹੀ ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਨੂੰ ਲੈ ਕੇ ਪੋਸਟਰ ਮੁਹਿਮ ਸ਼ੁਰੂ ਕੀਤੀ ਹੈ।

ਜਿਸ ਦੀ ਸ਼ੁਰੂਆਤ ਬਲਾਕ ਨਵਾਂ ਸ਼ਹਿਰ ਤੋਂ ਕੀਤੀ ਗਈ ਹੈ। ਪ੍ਰੈਸ ਬਿਆਨ ਜਾਰੀ ਕਰਦਿਆਂ ਜ਼ਿਲ੍ਹਾ ਕਨਵੀਨਰ ਗੁਰਦਿਆਲ ਮਾਨ ਅਤੇ ਕੋ ਕਨਵੀਨਰ ਰਮਨ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਸਾਰੀਆਂ ਹੀ ਪਾਰਟੀਆਂ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਝਾਂਸਾ ਦੇ ਕੇ ਮੁਲਾਜ਼ਮ ਵਰਗ ਦੀਆਂ ਵੋਟਾਂ ਵਟੋਰਦੀਆਂ ਆ ਰਹੀਆਂ ਹਨ।

ਪਰ ਮੁਲਾਜ਼ਮਾਂ ਨੂੰ ਸਿਆਸੀ ਟਿੱਚਰਾਂ ਤੋਂ ਬਿਨਾਂ ਕੁਝ ਵੀ ਪ੍ਰਾਪਤ ਨਹੀਂ ਹੋਇਆ ਹੈ। ਸਰਕਾਰਾਂ ਬਿਲਕੁਲ ਚੁੱਪ ਹਨ। ਮੁਲਾਜ਼ਮ ਖਾਲੀ ਹੱਥ ਰਿਟਾਇਰ ਹੋ ਰਹੇ ਹਨ । ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਸਿਰਫ ਤੇ ਸਿਰਫ ਲਾਰੇ ਤੇ ਫੋਕੇ ਨੋਟੀਫਿਕੇਸ਼ਨ ਹੀ ਮਿਲੇ ਹਨ।

ਦੂਜੇ ਪਾਸੇ ਸੈਂਟਰ ਸਰਕਾਰ ਵੀ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਦੇਣ ਨੂੰ ਪਾਪ ਕਹਿ ਰਹੀ ਹੈ। ਸੈਂਟਰ ਦੀ ਮੋਦੀ ਸਰਕਾਰ ਨਾ ਹੀ ਆਪ ਮੁਲਾਜ਼ਮਾਂ ਬਾਰੇ ਕੁਝ ਕਰ ਰਹੀ ਸਗੋਂ ਉਲਟਾ ਸਟੇਟ ਸਰਕਾਰਾਂ ਨੂੰ ਪੈਨਸ਼ਨ ਦੇਣ ਤੋਂ ਰੋਕਣ ਦਾ ਕੰਮ ਕਰ ਰਹੀ ਹੈ।

ਅਜਿਹਾ ਵਰਤਾਰਾ ਸਹਿਣਯੋਗ ਨਹੀਂ ਹੈ। ਜਿਸ ਨੂੰ ਲੈ ਕੇ ਮੁਲਾਜ਼ਮਾਂ ਨੇ ਪੋਸਟਰ ਵੰਡ ਮੁਹਿਮ ਸ਼ੁਰੂ ਕੀਤੀ ਹੈ ਜਿਸ ਵਿੱਚ ਸਪੱਸ਼ਟ ਲਿਖਿਆ ਗਿਆ ਹੈ ਕਿ ਉਹੀ ਪਾਰਟੀ ਦਾ ਉਮੀਦਵਾਰ ਹੀ ਮੁਲਾਜ਼ਮ ਦੇ ਘਰ ਵੋਟਾਂ ਮੰਗਣ ਆਵੇ ਜੋ ਉਹਨਾਂ ਦੀ ਖੋਹੀ ਗਈ ਪੁਰਾਣੀ ਪੈਨਸ਼ਨ ਬਹਾਲ ਕਰਵਾ ਸਕਦਾ ਹੋਵੇ।

ਇਸ ਦੇ ਨਾਲ ਹੀ ਮੁਲਾਜ਼ਮਾਂ ਨੇ ਆਪਣੇ ਘਰਾਂ ਅੱਗੇ ਪੋਸਟਰ ਲਗਾ ਕੇ ਵੋਟਾਂ ਮੰਗਣ ਆਏ ਉਮੀਦਵਾਰਾਂ ਨੂੰ ਤਿੱਖੇ ਸਵਾਲਾਂ ਨਾਲ ਘੇਰਨ ਦਾ ਫੈਸਲਾ ਕੀਤਾ ਹੈ। ਅਜਿਹਾ ਕਰਕੇ ਮੁਲਾਜ਼ਮ ਆਪਣੀ ਹੱਕੀ ਤੇ ਜਾਇਜ਼ ਮੰਗ ਨੂੰ ਪਾਰਟੀ ਨੁਮਾਇੰਦਿਆਂ ਸਾਹਮਣੇ ਪ੍ਰਦਰਸ਼ਿਤ ਕਰਨਗੇ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਉਹਨਾਂ ਦੀ ਇਹ ਜ਼ਰੂਰੀ ਮੰਗ ਤੇ ਗੌਰ ਬਣੀ ਰਹੇ ਤੇ ਮੁਲਾਜ਼ਮਾਂ ਦਾ ਬੁਢਾਪਾ ਸੁਰੱਖਿਅਤ ਹੋ ਸਕੇ।




# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦਾ ਅਠਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਸ੍ਰੀ ਅਨੰਦਪੁਰ ਸਾਹਿਬ ਲੋਕ ਬਾਣੀ (ਦਵਿੰਦਰਪਾਲ ਸਿੰਘ):** ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦਾ ਅਠਵੀਂ ਜਮਾਤ ਦਾ ਨਤੀਜਾ ਬੇਹੱਦ ਸ਼ਾਨਦਾਰ ਰਿਹਾ। ਇਸ ਸਬੰਧੀ ਗੱਲ ਕਰਦਿਆਂ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਦੱਸਿਆ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦਾ ਅਠਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਉਹਨਾਂ ਦੱਸਿਆ ਕਿ ਅਠਵੀਂ ਜਮਾਤ ਵਿੱਚੋਂ ਹਰਦੀਪ ਸਿੰਘ ਨੇ ਪਹਿਲਾ, ਤੇਜਸ ਨੇ ਦੂਸਰਾ ਅਤੇ ਰਵਨੀਤ ਕੁਮਾਰ ਨੇ ਤੀਸਰਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਮੁਮੈਂਟੋ ਦੇ ਕੇ ਸਨਮਾਨਿਤ ਵੀ ਕੀਤਾ। ਸਕੂਲ ਦੇ ਮੈਂਬਰ ਇੰਚਾਰਜ ਡਾ. ਪ੍ਰਭਜੋਤ ਕੌਰ (ਰਿਟਾਇਰਡ ਪ੍ਰਿੰਸੀਪਲ), ਸ. ਇੰਦਰਜੀਤ ਸਿੰਘ (ਉੱਘੇ ਕਾਰੋਬਾਰੀ) ਅਤੇ ਸ. ਗੁਰਮਿੰਦਰ ਸਿੰਘ ਭੁੱਲਰ (ਡਾਇਰੈਕਟਰ ਐਜੂਕੇਸ਼ਨ) ਨੇ ਵੀ ਵਿਦਿਆਰਥੀਆਂ ਨੂੰ ਜਿੱਥੇ ਸ਼ਾਬਾਸ਼ ਦਿੱਤੀ ਉੱਥੇ ਅਧਿਆਪਕ ਸਾਹਿਬਾਨ ਅਤੇ ਮਾਤਾ ਪਿਤਾ ਸਾਹਿਬਾਨ ਨੂੰ ਵੀ ਮੁਬਾਰਕਬਾਦ ਦਿੱਤੀ। ਇਸ ਮੌਕੇ ਸਮੁੱਚਾ ਸਕੂਲ ਸਟਾਫ ਹਾਜ਼ਰ ਸੀ।

# ਸ਼ਾਂਤੀ ਦੇਵੀ ਸੀਨੀਅਰ ਸੈਕੰਡਰੀ ਸਕੂਲ ਬਾਰ੍ਹਵੀਂ ਬੋਰਡ ਪ੍ਰੀਖਿਆ ਦਾ ਨਤੀਜਾ ਰਿਹਾ ਸ਼ਾਨਦਾਰ




**ਦੀਨਾਨਗਰ ਲੋਕ ਬਾਣੀ (ਡਾ.ਰਮੇਸ਼ ਸਰੰਗਲ )** ਸਾਂਤੀ ਦੇਵੀ ਸੀਨੀਅਰ ਸੈਕੰਡਰੀ ਸਕੂਲ ਦੀਨਾਨਗਰ ਦੀ ਪ੍ਰਿੰਸੀਪਲ ਡਾ. ਸੁਸ਼ਮਾ ਗੁਪਤਾ ਨੇ ਬਹੁਤ ਹੀ ਖ਼ੁਸ਼ੀ ਪ੍ਰਗਟ ਕਰਦਿਆ ਦੱਸਿਆ ਕਿ ਇਸ ਸਕੂਲ ਦੇ ਵਿਦਿਆਰਥੀਆਂ ਨੇ +2 ਬੋਰਡ ਦੀਆਂ ਸਾਰੀਆਂ ਸਟ੍ਰੀਮਾਂ ਦੀਆਂ ਪ੍ਰੀਖਿਆਵਾਂ ਵਿੱਚੋਂ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੋਸ਼ਨ ਕੀਤਾ ਹੈ। ਪੰਜਾਬ ਸਕੂਲ ਸਿੱਖਿਆ ਬੋਰਡ 2023-2024 ਦੇ ਅਕਾਦਮਿਕ ਸੈਸ਼ਨ ਵਿੱਚੋਂ ਇਸ ਸਕੂਲ ਦੀ ਵਿਦਿਆਰਥਣ ਵੰਸ਼ਿਕਾ ਅਗਰਵਾਲ ਨੇ +2 ਕਾਮਰਸ ਸਟ੍ਰੀਮ ਵਿੱਚ 500 ਵਿੱਚੋਂ 480 (96%) ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸੇ ਹੀ ਸਟ੍ਰੀਮ ਵਿੱਚੋਂ ਦਿਵਿਆ ਨੇ 479 (95.8%), ਕਿਰਨ ਬਾਲਾ ਨੇ 474 (94.8%) ਅੰਕ ਪ੍ਰਾਪਤ ਕੀਤੇ। +2 ਸਾਇੰਸ ਸਟ੍ਰੀਮ ਵਿੱਚ ਦੀਕਸ਼ਾ ਖਜੂਰੀਆ ਨੇ 474 (95%) ਅੰਕ ਅਤੇ ਨਵਪ੍ਰੀਤ ਨੇ 472 (94.4%) ਅਤੇ ਤੁਸ਼ਾਰਿਕਾ ਨੇ 469 (93.8%) ਅੰਕ ਪ੍ਰਾਪਤ ਕੀਤੇ। +2 ਆਰਟਸ ਸਟ੍ਰੀਮ ਦੇ ਵਿਦਿਆਰਥੀਆਂ ਨੇ ਵੀ ਸ਼ਾਨਦਾਰ ਅੰਕ ਪ੍ਰਾਪਤ ਕੀਤੇ। ਓਨਮ ਅਤੇ ਰਿਧੀਮਾ ਨੇ 469 (93.8%), ਕਿਰਨਜੋਤ ਕੌਰ ਨੇ 455 (91.1%), ਮੁਸਕਾਨਪ੍ਰੀਤ ਕੌਰ ਨੇ 454(90.8%) ਅੰਕ ਪ੍ਰਾਪਤ ਕੀਤੇ। ਪ੍ਰਿੰਸੀਪਲ ਨੇ ਦੱਸਿਆ ਕਿ ਸਕੂਲ ਦੇ 31 ਵਿਦਿਆਰਥੀਆਂ ਨੇ 90% ਤੋਂ ਉਪਰ ਅੰਕ ਪ੍ਰਾਪਤ ਕੀਤੇ ਅਤੇ ਸਕੂਲ ਦਾ ਨਤੀਜਾ 100% ਪਾਸ ਰਿਹਾ। ਪ੍ਰਿੰਸੀਪਲ ਮੈਡਮ ਡਾ. ਸੁਸ਼ਮਾ ਗੁਪਤਾ ਨੇ ਵਿਦਿਆਰਥੀਆਂ ਦੀ ਭਰਪੂਰ ਸਲਾਘਾ ਕੀਤੀ ਅਤੇ ਸਕੂਲ ਸੈਕਸ਼ਨ ਇੰਚਾਰਜ ਸ਼੍ਰੀ ਮੋਹਿਤ ਅਗਰਵਾਲ, ਅਧਿਆਪਕਾ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਵਿੱਚ ਉਨ੍ਹਾਂ ਦੀ ਪ੍ਰਾਪਤੀ ਦਾ ਜਸ਼ਨ ਬੜੀ ਹੀ ਧੂਮ-ਧਾਮ ਨਾਲ ਮਨਾਇਆ ਗਿਆ।

# ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਮਲਵਿੰਦਰ ਕੰਗ ਨੇ ਵੱਖ ਵੱਖ ਪਿੰਡਾਂ ਵਿੱਚ ਸੰਤੋਸ਼ ਕਟਾਰੀਆ ਦੀ ਅਗਵਾਈ ਵਿੱਚ ਮੀਟਿੰਗਾਂ ਨੂੰ ਸੰਬੋਧਨ ਕੀਤਾ...




ਸਹੀਦ ਭਗਤ ਸਿੰਘ ਨਗਰ ਲੋਕ ਬਾਣੀ - ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਪੰਜਾਬ ਵਿੱਚ ਲੋਕ ਅਪਣੇ ਆਪ ਨੂੰ ਖ਼ੁਸ਼ਹਾਲ ਮਹਿਸੂਸ ਕਰ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮਲਵਿੰਦਰ ਸਿੰਘ ਕੰਗ ਉਮੀਦਵਾਰ ਲੋਕ ਸਭਾ ਹਲਕਾ ਆਨੰਦਪੁਰ ਸਾਹਿਬ ਨੇ ਪਿੰਡ ਸੜੋਆ, ਭਾਰਾਪੁਰ,ਮਹਿੰਦਪੁਰ, ਕਰਾਵਰ,ਰੱਕੜਾਂ ਢਾਹਾਂ,ਗੜ੍ਹੀ ਕਾਨੂੰਗੋ ਆਦਿ ਵੱਖੋ ਵੱਖਰੇ ਪਿੰਡਾ ਵਿੱਚ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕਿਹਾ। ਉਹਨਾਂ ਕਿਹਾ ਕਿ ਜੇਕਰ ਤੁਸੀ ਮੈਨੂੰ ਵੋਟਾਂ ਪਾ ਕੇ ਹਲਕਾ ਬਲਾਚੌਰ ਤੋਂ ਜਿਤਾ ਕੇ ਲੋਕ ਸਭਾ ਵਿੱਚ ਭੇਜਦੇ ਹੋ ਤਾਂ ਮੈਂ ਭਗਵੰਤ ਮਾਨ ਦੀ ਮਜਬੂਤ ਬਾਂਹ ਬਣ ਕੇ ਪੰਜਾਬ ਦੀ ਹੋਰ ਵੀ ਤਰੱਕੀ ਲਈ ਯੋਗਦਾਨ ਪਾਵਾਂਗਾ।ਇਸ ਮੌਕੇ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਨੇ ਮਲਵਿੰਦਰ ਕੰਗ ਦੇ ਪਿਛੋਕੜ ਵਾਰੇ ਜਨਤਾ ਨੂੰ ਜਾਣੂੰ ਕਰਵਾਉਂਦੇ ਹੋਏ ਕਿਹਾ ਕਿ ਕੰਗ ਜੀ ਨੂੰ ਚੋਣਾਂ ਵਾਲੇ ਦਿਨ ਝਾੜੂ ਦਾ ਬਟਨ ਦਬਾ ਕੇ ਕਾਮਯਾਬ ਕਰੋ ਤਾਂ ਜੋ ਵਿਰੋਧੀਆਂ ਵਲੋਂ ਪੰਜਾਬ ਦੇ ਰੋਕੇ ਜਾਣ ਵਾਲੇ ਫੰਡ ਵੀ ਜਾਰੀ ਹੋ ਸਕਣ। ਇਸ ਮੌਕੇ ਅਸ਼ੋਕ ਕਟਾਰੀਆ ਸੀਨੀਅਰ ਨੇਤਾ ਆਮ ਆਦਮੀ ਪਾਰਟੀ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ। ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਚੰਦਰ ਮੋਹਨ ਜੇਡੀ ਮੀਡੀਆ ਇੰਚਾਰਜ ਨੇ ਕਿਹਾ ਨੁੱਕੜ ਮੀਟਿੰਗਾਂ ਵਿੱਚ ਬਹੁ ਗਿਣਤੀ ਵਿੱਚ ਇੱਕਠ ਆਮ ਆਦਮੀ ਪਾਰਟੀ ਦੀ ਜਿੱਤ ਸਾਫ ਦਰਸਾਉਂਦਾ ਹੈ।ਇਸ ਮੌਕੇ ਪੰਜਾਬ ਕਿਸਾਨ ਵਿੰਗ ਪ੍ਰਧਾਨ ਬਲਜੀਤ ਸਿੰਘ , ਕਿਸਾਨ ਵਿੰਗ ਬਲਾਚੌਰ ਦੇ ਪ੍ਰਧਾਨ ਰਸ਼ਪਾਲ ਮੰਡੇਰ ,ਬਲਾਕ ਪ੍ਰਧਾਨ ਰਣਵੀਰ ਸਿੰਘ ਧਾਲੀਵਾਲ, ਪ੍ਰਵੀਨ ਵਸ਼ਿਸ਼ਟ,ਮਹਿਲਾ ਵਿੰਗ ਦੇ ਪ੍ਰਧਾਨ ਰਿੱਤੂ,ਬਲਾਕ ਪ੍ਰਧਾਨ ਗੁਰਚੈਨ ਰਾਮ,ਬਲਾਕ ਪ੍ਰਧਾਨ ਸਤਨਾਮ ਸਿੰਘ ਸਹੂੰਗੜਾ ,ਬਲਾਕ ਪ੍ਰਧਾਨ ਕਰਮਪਾਲ ਸਿੰਘ, ਬਲਾਕ ਪ੍ਰਧਾਨ ਅਵਤਾਰ ਸਿੰਘ ਬਿੱਟੂ,ਸੰਜੀਵ ਕੁਮਾਰ ਸ਼ੈਂਟੀ,ਸ਼ੇਖਰ ਸਰਪੰਚ ਗੜ੍ਹੀ ਕਾਨੂੰਗੋ, ਮੱਖਣ ਗੜ੍ਹੀ ਕਾਨੂੰਗੋ ਆਦਿ ਬਹੁ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਕੈਨੇਡਾ ਤੋ ਪਰਤਣ ਤੋ ਬਾਅਦ ਜਸਵਿੰਦਰ ਸਿੰਘ ਸਿੱਧੂ ਨੇ ਗਮਾਡਾ ਦਾ ਕੰਮਕਾਜ ਸੰਭਾਲਿਆ

## ਗ੍ਰੇਟਰ ਸਿੱਟੀ ਅਧੀਨ ਆਉਦੇ ਲੋਕਾਂ ਨੂੰ ਕੋਈ ਵੀ ਸਮੱਸਿਆ ਨਹੀ ਆਉਣ ਦੇਵਾਂਗੇ-ਸਿੱਧੂ




ਕੋਟ ਈਸੇ ਖਾਂ, 3 ਮਈ (ਅਰੋੜਾ)- ਗਮਾਡਾ ਦੇ ਡਾਇਰੈਕਟਰ ਜਸਵਿੰਦਰ ਸਿੰਘ ਸਿੱਧੂ ਦਾ ਯੂ ਐਸ ਏ ਅਤੇ ਕੈਨੇਡਾ ਚ ਸਨਮਾਨ ਸਮਾਰੋਹ ਰੱਖਿਆ ਗਿਆ ਸੀ,ਜਿਸ ਕਰਕੇ ਉਹ ਵਿਦੇਸ਼ ਦੌਰੇ ਤੇ ਗਏ ਸਨ। ਬੀਤੇ ਦਿਨੀ ਉਹ ਵਾਪਸ ਪਰਤ ਆਏ ਜਿਨਾ ਨੇ ਵਿਦੇਸ਼ ਪਰਤਣ ਉਪਰੰਤ ਮੋਹਾਲੀ ਪੁੱਡਾ ਭਵਨ ਗਮਾਡਾ ਦੇ ਦਫਤਰ ਮੁੜ ਆਪਣਾ ਕਾਰਜਭਾਗ ਸੰਭਾਲ ਲਿਆ। ਦਫਤਰ ਪੁੱਜਣ ਤੇ ਉਹਨਾ ਦੇ ਚਾਹੁਣ ਵਾਲਿਆ ਨੇ ਉਹਨਾ ਦਾ ਸ਼ਾਨਦਾਰ ਸਵਾਗਤ ਕੀਤਾ। ਜਸਵਿੰਦਰ ਸਿੰਘ ਸਿੱਧੂ ਨੇ ਕਾਰਜਭਾਗ ਸੰਭਾਲਣ ਉਪਰੰਤ ਗਮਾਡਾ ਦੇ ਨਵ ਨਿਯੁਕਤ ਸੀ ਏ ਮੁਨੀਸ਼ ਕੁਮਾਰ ਜੀ ਨਾਲ ਵੀ ਮੁਲਾਕਾਤ ਕੀਤੀ ਅਤੇ ਉਹਨਾ ਨੂੰ ਜੀ ਆਇਆ ਆਖਿਆ ਅਤੇ ਵਿਭਾਗ ਨਾਲ ਸਬੰਧਿਤ ਕੁਝ ਮਸਲੇ ਉਹਨਾ ਦੇ ਧਿਆਨ ਹਿੱਤ ਲਿਆਂਦੇ। ਸਿੱਧੂ ਨੇ ਕਿਹਾ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਜੀ ਨੇ ਜੋ ਉਹਨਾ ਦੀ ਡਿਉਟੀ ਲਗਾਈ ਉਸ ਨੂੰ ਬਾਖੂਬ ਨਿਭਾਉਣਗੇ ਅਤੇ ਗ੍ਰੇਟਰ ਮੋਹਾਲੀ ਦੇ ਲੋਕਾਂ ਨੂੰ ਕਿਸੇ ਵੀ ਤਰਾਂ ਦੀ ਸਮੱਸਿਆ ਨਹੀ ਆਉਣ ਦੇਣਗੇ।

# ਕੇਂਦਰ ਸਰਕਾਰ ਪੰਜਾਬ ਦੇ ਵਿਕਾਸ ਕਾਰਜਾਂ ਵਿੱਚ ਬਣ ਰਹੀ ਹੈ ਰੋੜਾ - ਮਾਲਵਿੰਦਰ ਸਿੰਘ ਕੰਗ

## ਪਿਛਲੀਆਂ ਸਰਕਾਰਾਂ ਵੱਲੋਂ ਹਲਕੇ ਵਿੱਚ ਗੁੰਡਾਰਾਜ ਨੂੰ ਦਿੱਤੀ ਗਈ ਪ੍ਰਮੁੱਖਤਾ - ਹਰਜੋਤ ਸਿੰਘ ਬੈਂਸ



**ਸ਼੍ਰੀ ਅਨੰਦਪੁਰ ਸਾਹਿਬ, ਲੋਕ ਬਾਣੀ (ਦਵਿੰਦਰਪਾਲ ਸਿੰਘ):** ਆਮ ਆਦਮੀ ਪਾਰਟੀ ਵੱਲੋਂ ਸ਼੍ਰੀ ਅਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਚੋਣ ਲੜ ਰਹੇ ਮਾਲਵਿੰਦਰ ਸਿੰਘ ਕੰਗ ਅੱਜ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਚੰਗਰ ਦੇ ਪਿੰਡ ਕਾਹੀਵਾਲ ਵਿਖੇ ਪਹੁੰਚ ਤੇ ਵਿਸ਼ਾਲ ਜਨ ਸਭਾ ਨੂੰ ਸੰਬੋਧਿਤ ਕੀਤਾ, ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਕਈ ਸਰਕਾਰਾਂ ਆਈਆਂ ਪ੍ਰੰਤੂ ਕਿਸੇ ਵੱਲੋਂ ਵੀ ਚੰਗਰ ਇਲਾਕੇ ਦੇ ਬਾਰੇ ਕਦੇ ਨਹੀਂ ਸੋਚਿਆ ਗਿਆ, ਉਨਾਂ ਕਿਹਾ ਕਿ ਇਸੀ ਸ਼੍ਰੀ ਅਨੰਦਪੁਰ ਸਾਹਿਬ ਦੀ ਧਰਤੀ ਨੇ ਪੰਜਾਬ ਵਿਧਾਨ ਸਭਾ ਦਾ ਸਪੀਕਰ ਦਿੱਤਾ ਕਈ ਕੈਬਨਿਟ ਮੰਤਰੀ ਦਿੱਤੇ ਪ੍ਰੰਤੂ ਇਸ ਹਲਕੇ ਦੀ ਕਿਸੇ ਵਲੋਂ ਵੀ ਸਾਰ ਨਹੀਂ ਲਈ ਗਈ। ਇਸ ਮੌਕੇ ਲੋਕ ਸਭਾ ਹਲਕਾ ਸ਼੍ਰੀ ਅਨੰਦਪੁਰ ਸਾਹਿਬ ਦੇ ਉਮੀਦਵਾਰ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚੰਗਰ ਇਲਾਕੇ ਨੂੰ ਪ੍ਰਫੁੱਲਿਤ ਕਰਨ ਲਈ ਅਣਥੱਕ ਯਤਨ ਕੀਤੇ ਜਾ ਰਹੇ ਹਨ, ਉਨਾਂ ਕਿਹਾ ਕਿ ਇਸ ਇਲਾਕੇ ਵਿੱਚ ਕਿਸੇ ਵੀ ਸਰਕਾਰ ਵੱਲੋਂ ਪਾਣੀ ਦੀ ਸਮੱਸਿਆ ਦਾ ਕੋਈ ਸਟੀਕ ਹੱਲ ਨਹੀਂ ਕੱਢਿਆ ਗਿਆ ਪ੍ਰੰਤੂ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ 80 ਕਰੋੜ ਰੁਪਏ ਦੀ ਲਾਗਤ ਨਾਲ ਲਿਫਟ ਇਰੀਗੇਸ਼ਨ ਦਾ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਦੇ ਪੂਰੇ ਹੋਣ ਤੋਂ ਬਾਅਦ ਚੰਗਰ ਵਿੱਚ ਪਾਣੀ ਦੀ ਸਮੱਸਿਆ ਦਾ ਪੱਕਾ ਹੱਲ ਹੋ ਜਾਵੇਗਾ। ਉਨਾਂ ਚੰਗਰ ਦੀਆਂ ਸੜਕਾਂ ਦੇ ਬਾਰੇ ਬੋਲਦਿਆਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੇਂਡੂ ਵਿਕਾਸ ਦੇ ਫੰਡਾਂ ਨੂੰ ਜ਼ਬਰਦਸਤੀ ਰੋਕਿਆ ਗਿਆ ਹੈ ਤਾਂ ਜੋ ਪੰਜਾਬ ਦੀ ਸਰਕਾਰ ਵੱਲੋਂ ਉਸ ਫੰਡ ਨੂੰ ਲੋਕਾਂ ਦੀ ਸਹੂਲਤ ਲਈ ਨਾ ਵਰਤਿਆ ਜਾਵੇ। ਉਨਾਂ ਕਿਹਾ ਕਿ ਭਗਵੰਤ ਮਾਨ ਸਾਹਿਬ ਵੱਲੋਂ ਇੱਕ ਨਾਅਰਾ ਦਿੱਤਾ ਗਿਆ ਹੈ ਕਿ ਇਸ ਵਾਰ ਪੰਜਾਬ ਬਣੇਗਾ ਹੀਰੋ ਲੋਕਾਂ ਸਭਾ ਚੋਣਾਂ ਵਿੱਚ ਹੋਵੇਗਾ 13-0। ਇਸ ਮੌਕੇ ਕਮਿਕਰ ਸਿੰਘ ਡਾਢੀ, ਕੈਪਟਨ ਗੁਰਨਾਮ ਸਿੰਘ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਰਾਜਪਾਲ ਸਿੰਘ, ਰਾਮਪਾਲ ਕਾਹੀਆਲ, ਕੇਸਰ ਸਿੰਘ ਸੰਧੂ, ਸੋਨੂੰ ਚੌਧਰੀ, ਤਰਲੋਚਨ ਸਿੰਘ, ਹਾਕਮ ਸਿੰਘ ਤੇ ਹੋਰ ਵੱਡੀ ਗਿਣਤੀ ਪਾਰਟੀ ਵਰਕਰ ਤੇ ਚੰਗਰ ਖੇਤਰ ਦੇ ਵਸਨੀਕ ਹਾਜਿਰ ਸਨ।

# ਖਰੜ 'ਚ ਸੁਸਾਇਟੀਆਂ ਦੇ ਵਸਨੀਕਾਂ ਨੇ ਲੋਕ ਸਭਾ ਚੋਣਾਂ ਦੇ ਬਾਈਕਾਟ ਦਾ ਕੀਤਾ ਐਲਾਨ




**ਖਰੜ,3 ਮਈ,ਲੋਕ ਬਾਣੀ (ਕਾਲਾ ਸਿੰਘ ਸੈਣੀ )-** ਕੁਰਾਲੀ -ਰੋਪੜ ਹਾਈਵੇਅ ਤੋਂ ਮਾਈਡ ਟ੍ਰੀ ਸਕੂਲ ਸੜਕ ਤੇ ਸਥਿਤ ਨਗਰ ਕੌਂਸਲ ਖਰੜ ਤਹਿਤ ਪੈਂਦੀਆਂ ਖਾਨਪੁਰ ਇਲਾਕੇ ਦੀਆਂ ਕਲੋਨੀਆਂ ਦੇ ਵਸਨੀਕਾਂ ਵਲੋਂ ਰਾਜਨੀਤਿਕ ਆਗੂਆਂ ਦੇ ਝੂਠੇ ਵਾਅਦਿਆਂ ਤੋਂ ਤੰਗ ਆਕੇ ਲੋਕ ਸਭਾ ਚੋਣਾਂ ਵਿਚ ਮੁਕੰਮਲ ਬਾਈਕਾਟ ਕਰਨ ਦਾ ਫੈਸਲਾ ਕੀਤਾ ਗਿਆ ਹੈ ਅਤੇ ਰਾਜਨੀਤਿਕ ਆਗੂਆਂ ਨੂੰ ਕਲੋਨੀਆਂ ਵਿਚ ਚੋਣ ਪ੍ਰਚਾਰ ਕਰਨ ਲਈ ਨਾ ਆਉਣ ਲਈ ਆਖਿਆ ਗਿਆ ਹੈ। ਨਿਰਵਾਣਾ ਗ੍ਰੀਨਜ਼, ਟੂ ਅੰਬਿਕਾ ਗਰੀਨ, ਆਰ.ਡਬਲਯੂ.ਏ.ਸੰਯੁਕਤ ਐਕਸਨ ਫਰੰਟ ਖਰੜ ਕੁਰਾਲੀ ਰੋਡ ਤੇ ਸਥਿਤ ਬੀਬੀ ਭੀਨ ਸੁਸਾਇਟੀ ਦਾ ਇਕੱਠ ਕਰਕੇ ਸਾਰੇ ਰਾਜਨੀਤਿਕ ਆਗੂਆਂ ਦਾ ਬਾਈਕਾਟ ਕਰਨ ਦਾ ਫੈਸਲਾ ਕੀਤਾ ਗਿਆ ਅਤੇ ਬਾਈਕਾਟ ਦਾ ਬੈਨਰ ਵੀ ਜੀ.ਬੀ.ਪੀ.ਹੋਮ ਤੋਂ ਮਾਈਡ ਟ੍ਰੀ ਸਕੂਲ ਰੋਡ ਤੋਂ ਐਟਰੀ ਤੇ ਬੈਨਰ ਬਾਈਕਾਟ ਦਾ ਹੋਕਾ ਦਿੱਤਾ ਗਿਆ ਹੈ। ਚੋਣਾਂ ਸਮੇਂ ਸ਼ਹਿਰ ਨਿਵਾਸੀਆਂ ਨਾਲ ਝੂਠੇ ਵਾਅਦੇ ਕਰਕੇ ਕੋਈ 5 ਸਾਲ ਤੱਕ ਪਿੱਛੇ ਮੁੜ ਕੇ ਨਹੀਂ ਦੇਖਦਾ। ਸੁਸਾਇਟੀਆਂ ਅਤੇ ਕਲੋਨੀਆਂ ਦੇ ਵਸਨੀਕਾਂ ਵਲੋਂ ਪੰਜਾਬ ਦੇ ਮੁੱਖ ਮੰਤਰੀ, ਖਰੜ ਦੀ ਵਿਧਾਇਕਾ, ਡਿਪਟੀ ਕਮਿਸ਼ਨਰ, ਐਸ.ਡੀ.ਐਮ, ਹੋਰ ਅਧਿਕਾਰੀਆਂ ਨੂੰ ਵੀ ਮੰਗ ਪੱਤਰ ਵੀ ਦਿੱਤੇ ਪਰ ਹੋਇਆ ਕੁਝ ਵੀ ਨਹੀਂ। ਜੀ.ਬੀ.ਪੀ.ਤੋਂ ਲੈ ਕੇ ਮਾਈਡ ਟ੍ਰੀ ਸਕੂਲ ਤੱਕ ਸੜਕ ਦਾ ਟੈਂਡਰ ਵੀ ਪਾਸ ਹੋ ਚੁੱਕਾ ਹੈ ਪਰ ਸਿਆਸੀ ਅੜਿੱਕਿਆਂ ਕਾਰਨ ਕੰਮ ਠੱਪ ਪਿਆ ਹੈ। ਲੋਕਾਂ ਦੀ ਸਿਹਤ ਜਾਂ ਸੁਰੱਖਿਆ ਨੂੰ ਧਿਆਨ ਵਿਚ ਰੱਖਦੇ ਹੋਏ ਸਤੰਬਰ 2023 ਵਿਚ ਪੰਜਾਬ ਤੇ ਹਰਿਆਣਾ ਹਾਈਕੋਰਟ ਵਿਚ ਇੱਕ ਜਨਹਿਤ ਪਟੀਸ਼ਨ ਵੀ ਦਾਇਰ ਕੀਤੀ ਗਈ ਜਿਸਤੇ ਅਦਾਲਤ ਦੇ ਫੈਸਲੇ ਦੀ ਵੀ ਅਣਦੇਖੀ ਕੀਤੀ ਗਈ। ਖਾਨਪੁਰ ਇਲਾਕੇ ਦੀਆਂ ਵੱਖ ਵੱਖ ਸੁਸਾਇਟੀਆਂ ਦੇ ਪ੍ਰਧਾਨਾਂ ਨੇ ਇੱਕ ਸਾਂਝਾਂ ਮੰਚ ਬਣਾ ਕੇ ਸਰਕਾਰ ਅਤੇ ਸਥਾਨਕ ਸਰਕਾਰ ਪ੍ਰਸ਼ਾਸ਼ਨ ਵਿਰੁੱਧ ਇੱਕ ਅਵਾਜ਼ ਨਾਲ ਸੰਘਰਸ਼ ਲਈ ਆਰ. ਡਬਲਯੂ.ਏ.ਜੁਆਇੰਟ ਫਰੰਟ ਦਾ ਗਠਨ ਕੀਤਾ ਗਿਆ ਹੈ ਉਹ ਮੰਗ ਕਰ ਰਹੇ ਹਨ ਕਿ ਪਾਣੀ ਭਰਨਾ ਹਟਾਓ, ਸੜਕਾਂ ਬਣਾਓ, ਸੀਵਰੇਜ਼ ਪਾਓ, ਕਲੋਨੀਆਂ ਅਧਿਕਾਰਤ ਕਰੋ, ਟਾਈਡ ਬਾਂਊਡ ਕੰਮ ਦਾ ਸਮਾਂ ਦੱਸਣ। ਵਸਨੀਕਾਂ ਇਹ ਵੀ ਚਿਤਾਵਨੀ ਦਿੱਤੀ ਕਿ ਜੇਕਰ ਸੱਮਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਸਾਂਝਾ ਐਕਸ਼ਨ ਕਮੇਟੀ ਵਲੋਂ ਰੋਡ ਵੀ ਜਾਮ ਕੀਤਾ ਜਾਵੇਗਾ। ਇਸ ਮੌਕੇ ਡਾ. ਆਸ਼ੀਸ਼ ਸ਼ਰਮਾ, ਵਰਿੰਦਰ ਮਾਨ, ਐਮ.ਐਸ. ਰਾਣਾ, ਐਚ.ਕੇ.ਦਿਵਈ, ਸਤਵਿੰਦਰ ਰਾਣਾ, ਹਰੀਸ਼ ਹੰਸ, ਜਗਦੀਪ ਸਿੰਘ ,ਯੁਵਰਾਜ ਸਿੰਘ ਔਲਖ ਸਮੇਤ ਸੁਸਾਇਟੀਆਂ ਦੇ ਵਸਨੀਕ ਹਾਜ਼ਰ ਸਨ।

# ਲੋਕ ਸਭਾ ਚੋਣਾਂ 2024 ਲਈ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਨਈਮ ਖਾਨ ਨੂੰ ਚੋਣ ਕਪੇਨ ਦਾ ਮੁਖੀ ਕੀਤਾ ਨਿਯੁਕਤ



ਜਲੰਧਰ ਲੋਕ ਬਾਣੀ ਰਾਕੇਸ਼ ਵਰਮਾ – ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਜਲੰਧਰ ਦੇ ਸੀਨੀਅਰ ਵਕੀਲ ਨਈਮ ਖਾਨ ਨੂੰ ਜਲੰਧਰ ਲੋਕ ਸਭਾ ਚੋਣ ਕੰਪੇਨ ਦਾ ਮੁਖੀ ਅਤੇ .ਐਸ.ਡੀ ( ਸਲਾਹਕਾਰ ) ਨਿਯੁਕਤ ਕੀਤਾ ਹੈ ਚਰਨਜੀਤ ਸਿੰਘ ਚੰਨੀ ਇੱਕ ਸੁਲਝੇ ਹੋਏ ਸਿਆਸਤ ਦਾਨ ਦੇ ਨਾਲ ਨਾਲ ਕਾਂਗਰਸ ਪਾਰਟੀ ਦੇ ਵਫਾਦਾਰ ਸਿਰਕੱਢ ਆਗੂ ਹਨ ਜਿਨਾ ਨੇ ਪੰਜਾਬ ਦੇ ਚਾਰ ਮਹੀਨੇ ਮੁੱਖ ਮੰਤਰੀ ਰਹਿੰਦੇ ਚੰਗੀ ਕਾਰਗੁਜਾਰੀ ਦਿਖਾਈ ਇਸ ਕਾਰਗੁਜਾਰੀ ਦੇ ਸਦਕਾ ਹੀ ਕਾਂਗਰਸ ਹਾਈ ਕਮਾਂਡ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਦੇ ਸਾਬਕਾ ਡਿਪਟੀ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਅਤੇ ਹੋਰ ਸਾਥੀਆਂ ਨਾਲ ਮਸ਼ਵਰਾ ਕਰਨ ਤੋਂ ਬਾਅਦ ਹੀ ਚੰਨੀ ਨੂੰ ਲੋਕ ਸਭਾ ਦੀ ਟਿਕਟ ਦੇ ਕੇ ਨਿਵਾਜਿਆ ਹੈ ਯਾਦ ਰਹੇ ਕਿ ਸਰਦਾਰ ਚਰਨਜੀਤ ਸਿੰਘ ਚੰਨੀ ਆਪਣੇ ਵਿਰੋਧੀਆਂ ਨਾਲੋਂ ਕਾਫੀ ਜਿਆਦਾ ਅੱਗੇ ਨਿਕਲ ਚੁੱਕੇ ਹਨ ਅਤੇ ਜਲੰਧਰ ਦੇ ਲੋਕ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਜਲੰਧਰ ਦੀ ਵਾਗਡੋਰ ਉਹਨਾਂ ਦੇ ਹੱਥ ਵਿੱਚ ਦੇਣਾ ਚਾਹੁੰਦੇ ਹਨ ਜਿਕਰਯੋਗ ਹੈ ਕੇ ਸੀਨੀਅਰ ਐਡਵੋਕੇਟ ਨਈਮ ਖਾਨ ਮੁਸਲਿਮ ਸੰਗਠਨ ਪੰਜਾਬ ਦੇ ਮੌਜੂਦਾ ਪ੍ਰਧਾਨ ਹਨ ਉਹਨਾਂ ਕਿਹਾ ਕਿ ਚਰਨਜੀਤ ਸਿੰਘ ਚੰਨੀ ਅਤੇ ਉਨਾਂ ਦੀ ਪਾਰਟੀ ਨੇ ਮੁਸਲਿਮ ਸਮਾਜ ਲਈ ਬਹੁਤ ਕੁਝ ਕੀਤਾ ਹੈ ਸੋ ਉਹਨਾਂ ਦੀ ਕਾਰਗੁਜ਼ਾਰੀ ਨੂੰ ਦੇਖਦੇ ਹੋਏ ਚਰਨਜੀਤ ਸਿੰਘ ਚੰਨੀ ਅਤੇ ਕਾਂਗਰਸ ਹਾਈ ਕਮਾਨ ਨੂੰ ਉਨਾਂ ਨੂੰ ਵੱਡੀ ਜਿੰਮੇਵਾਰੀ ਨਾਲ ਨਿਵਾਜਿਆ ਹੈ।

# ਦਿੱਲੀ ਵਾਲੀਆਂ ਪਾਰਟੀਆਂ ਜਿਨ੍ਹਾਂ ਨੇ ਪੰਜਾਬ ਨੂੰ ਬਰਬਾਦ ਕੀਤਾ ਉਨ੍ਹਾਂ ਦੀ ਸ਼੍ਰੋਮਣੀ ਅਕਾਲੀ ਦਲ ਨਾਲ ਲੜਾਈ: ਸੁਖਬੀਰ ਸਿੰਘ ਬਾਦਲ



ਖਰੜ,3 ਮਈ,ਲੋਕ ਬਾਣੀ (ਕਾਲਾ ਸਿੰਘ ਸੈਣੀ )– ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਲੋਕ ਸਭਾ ਚੋਣਾਂ ਵਿਚ ਇੱਕ ਪਾਸੇ ਪੰਜਾਬ ਤੇ ਪੰਜਾਬ ਦੇ ਲੋਕ ਹਨ ਤੇ ਦੂਸਰੇ ਪਾਸੇ ਦਿੱਲੀ ਵਾਲੀਆਂ ਪਾਰਟੀਆਂ ਹਨ ਜਿਨ੍ਹਾਂ ਨੇ ਪੰਜਾਬ ਦੇ ਲੋਕਾ ਨਾਲ ਝੂਠੇ ਵਾਇਦੇ ਕਰਕੇ ਸੱਤਾ ਹਾਸਲ ਕੀਤੀ ਅਤੇ ਪੰਜਾਬ ਨੂੰ ਬਰਬਾਦ ਕਰ ਦਿੱਤਾ। ਉਹ ਅੱਜ ਸ਼੍ਰੋਮਣੀ ਅਕਾਲੀ ਦਲ ਵਲੋਂ ਲੋਕ ਸਭਾ ਚੋਣਾਂ ਨੂੰ ਲੈ ਕੇ ਪੰਜਾਬ ਵਿਚ ਸ਼ੁਰੂ ਕੀਤੀ ਗਈ 'ਪੰਜਾਬ ਬਚਾਓ ਯਾਤਰਾ' ਦੇ ਪੜਾਅ ਤਹਿਤ ਵਿਧਾਨ ਸਭਾ ਹਲਕਾ ਖਰੜ ਦੇ ਖਰੜ ਸ਼ਹਿਰ ਵਿਚ ਯਾਤਰਾ ਦੌਰਾਨ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਜਦੋਂ ਵੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੀ ਤਾਂ ਪੰਜਾਬ ਨੇ ਹਰ ਖੇਤਰ ਵਿਚ ਤਰੱਕੀ ਕੀਤੀ ਹੈ ਅਤੇ ਪੰਜਾਬ ਦੇ ਹਰ ਖੇਤਰ ਦਾ ਬਹੁਪੱਖੀ ਵਿਕਾਸ ਹੋਇਆ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਾਸਆਂ ਕੋਲ ਪੰਜਾਬ ਨੂੰ ਬਚਾਉਣ ਲਈ ਪੰਥ ਦੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਜਿਤਾਉਣ ਦਾ ਵੱਡਾ ਮੌਕਾ ਹੈ ਅਤੇ ਵਿਰੋਧੀਆਂ ਪਾਰਟੀਆਂ ਨੂੰ ਨਕਾਰਦੇ ਹੋਏ ਲੋਕ ਸਭਾ ਹਲਕਾ ਸ੍ਰੀ ਆਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰੇਮ ਸਿੰਘ ਚੰਦੂਮਾਜਰਾ ਨੂੰ ਵੱਡੀ ਲੀਡ ਨਾਲ ਜਿਤਾ ਕੇ ਲੋਕ ਸਭਾ ਵਿਚ ਭੇਜੋ ਤਾਂ ਕਿ ਲੋਕ ਸਭਾ ਹਲਕਾ ਸ੍ਰੀ ਆਨੰਦਪੁਰ ਸਾਹਿਬ ਦੇ ਅਤੇ ਪੰਜਾਬ ਦੇ ਮਸਲਿਆਂ ਨੂੰ ਲੋਕ ਸਭਾ ਵਿਚ ਉਠਾਇਆ ਜਾ ਸਕੇ। ਖਰੜ ਹਲਕੇ ਦੇ ਇੰਚਾਰਜ ਰਣਜੀਤ ਸਿੰਘ ਗਿੱਲ ਨੇ ਸਮੂਹ ਸ਼ਹਿਰ ਨਿਵਾਸੀਆਂ ਅਤੇ ਹਲਕੇ ਦੇ ਵੋਟਰਾਂ ਤੇ ਸਮਰੱਥਕਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਹੁੰਮ ਹੁੰਮਾ ਕੇ ਯਾਤਰਾ ਵਿਚ ਸ਼ਮੂਲੀਅਤ ਕੀਤੀ। ਉਮੀਦਵਾਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਪੰਜਾਬ ਬਚਾਓ ਯਾਤਰਾ ਵਿਚ ਹਲਕੇ ਦੇ ਲੋਕਾਂ ਵਿਚ ਵੱਡਾ ਉਤਸ਼ਾਹ ਹੈ ਇਸ ਤੋਂ ਪਹਿਲਾਂ ਪੰਜਾਬ ਬਚਾਓ ਯਾਤਰਾ ਦਾ ਖਰੜ ਸ਼ਹਿਰ ਵਿਚ ਪਹੁੰਚਣ ਤੇ ਵੱਖ ਵੱਖ ਥਾਵਾਂ ਤੇ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਸੇਵਾਦਾਰ ਰਣਜੀਤ ਸਿੰਘ ਗਿੱਲ, ਜਿਲ੍ਹਾ ਪ੍ਰਧਾਨ ਚਰਨਜੀਤ ਸਿੰਘ ਕਾਲੇਵਾਲ, ਐਸ.ਜੀ.ਪੀ.ਸੀ.ਮੈਂਬਰ ਅਜਮੇਰ ਸਿੰਘ ਖੇੜਾ, ਰਵਿੰਦਰ ਸਿੰਘ ਖੇੜਾ, ਜਥੇਬੰਦਕ ਸਕੱਤਰ ਕੁਲਵੰਤ ਸਿੰਘ ਤ੍ਰਿਪੜੀ, ਰਣਧੀਰ ਸਿੰਘ ਧੀਰਾ,ਭੁਪਿੰਦਰ ਸਿੰਘ ਕਾਲਾ, ਨਗਰ ਕੌਂਸਲ ਖਰੜ ਦੀ ਪ੍ਰਧਾਨ ਜਸਪ੍ਰੀਤ ਕੌਰ ਲੌਂਗੀਆ,ਅਮਨਦੀਪ ਸਿੰਘ ਅੱਮੂ, ਪਰਮਿੰਦਰ ਸਿੰਘ ਲੌਂਗੀਆਂ ਰਜਵੰਤ ਕੌਰ,ਜਸਵੀਰ ਸਿੰਘ ਜੱਸੀ ਝੁੰਗੀਆਂ,ਜਸਵੀਰ ਸਿੰਘ ਕੌਂਸਲਰ,ਰਾਜਪਾਲ ਸਿੰਘ ਰਾਜੂ, ਹਰਿੰਦਰ ਸਿੰਘ ਪਾਲ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਦੇਹ ਕਲਾਂ, ਗੁਰਮੀਤ ਸਿੰਘ ਖ਼ੂਨੀਮਾਜਰਾ, ਜਸਪਾਲ ਸਿੰਘ ਨਿਆਮੀਆਂ,ਜਸਵੀਰ ਕੌਰ ਜੱਸੀ ਸਮੇਤ ਵੱਡੀ ਗਿਣਤੀ ਵਿਚ ਖਰੜ ਸ਼ਹਿਰ ਨਿਵਾਸੀ ਹਾਜ਼ਰ ਸਨ।

# ਸੁੱਖੀ ਰੰਧਾਵਾ ਅਤੇ ਅਰੁਨਾ ਚੌਧਰੀ ਨੇ ਸੀਟ ਜਿੱਤਣ ਦਾ ਕੀਤਾ ਦਾਅਵਾ



ਦੀਨਾਨਗਰ, ਲੋਕ ਬਾਣੀ (ਡਾ.ਰਮੇਸ਼ ਸਰੰਗਲ)– ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਕਾਂਗਰਸ ਦੇ ਉਮੀਦਵਾਰ ਸੁਖਜਿੰਦਰ ਸਿੰਘ ਰੰਧਾਵਾ ਨੇ ਅੱਜ ਦੀਨਾਨਗਰ 'ਚ ਪਹਿਲੀ ਫੇਰੀ ਦੌਰਾਨ ਕਾਂਗਰਸੀ ਵਰਕਰਾਂ 'ਚ ਨਵੀਂ ਊਰਜਾ ਤੇ ਉਤਸ਼ਾਹ ਭਰਦਿਆਂ ਵੱਡੀ ਜਿੱਤ ਦਾ ਦਾਅਵਾ ਕੀਤਾ। ਉਨ੍ਹਾਂ ਵਿਧਾਇਕਾ ਅਰੁਣਾ ਚੌਧਰੀ ਦੇ ਨਿਵਾਸ ਸਥਾਨ 'ਤੇ ਸੈਕੜੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਹਰ ਪਾਸਿਓਂ ਕਾਂਗਰਸ ਨੂੰ ਅੱਗੇ ਦੱਸਿਆ ਅਤੇ ਕਿਹਾ ਕਿ ਗੁਰਦਾਸਪੁਰ 'ਚ ਮੁਕਾਬਲਾ ਇੱਕਪਾਸੜ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਾਰੇ ਕਾਂਗਰਸੀ ਇਕਮੁੱਠ ਹੋ ਕੇ ਹੰਭਲਾ ਮਾਰਨ ਤਾਂ ਜਿੱਤ ਵੱਟ 'ਤੇ ਪਈ ਹੈ। ਰੰਧਾਵਾ ਨੇ ਕਿਹਾ ਕਿ ਭਾਜਪਾ ਨੇ ਅਜਿਹੇ ਠੰਡੇ ਲੀਡਰ ਨੂੰ ਉਮੀਦਵਾਰ ਬਣਾਇਆ ਹੈ ਜੋ ਕਦੇ ਵਿਧਾਨ ਸਭਾ 'ਚ ਨਹੀਂ ਬੋਲ ਸਕਿਆ, ਉਹ ਸੰਸਦ ਵਿੱਚ ਕਿਵੇਂ ਲੋਕਾਂ ਦੇ ਹੱਕਾਂ ਦੀ ਗੱਲ ਕਰੇਗਾ। ਉਨ੍ਹਾਂ ਕਿਹਾ ਕਿ ਵੱਖ-ਵੱਖ ਥਾਵਾਂ 'ਤੇ ਭਾਜਪਾ ਉਮੀਦਵਾਰ ਦਾ ਵਿਰੋਧ ਹੋਣਾ ਦਰਸਾਉਂਦਾ ਹੈ ਕਿ ਲੋਕ ਉਸਨੂੰ ਵੋਟ ਨਹੀਂ ਦੇਣਗੇ। ਉਨ੍ਹਾਂ 'ਆਪ' ਉਮੀਦਵਾਰ ਬਾਰੇ ਕਿਹਾ ਕਿ ਉਸਨੂੰ ਵੀ ਇਸ ਚੋਣ ਵਿੱਚ ਕਰਾਰੀ ਹਾਰ ਦਾ ਮੂੰਹ ਦੇਖਣਾ ਪਵੇਗਾ, ਕਿਉਂਕਿ ਆਮ ਆਦਮੀ ਪਾਰਟੀ ਦੀਆਂ ਝੂਠੀਆਂ ਗਾਰੰਟੀਆਂ ਅਤੇ ਚੋਣਾਂ 'ਚ ਕੀਤੇ ਵਾਅਦਿਆਂ ਦੀ ਸੱਚਾਈ ਨੂੰ ਲੋਕ ਜਾਣ ਗਏ ਹਨ ਅਤੇ ਲੋਕਾਂ ਅੰਦਰ ਪੈਦਾ ਹੋਈ ਸਰਕਾਰ ਵਿਰੋਧੀ ਲਹਿਰ ਦਾ ਸੇਕ ਆਪ ਉਮੀਦਵਾਰ ਨੂੰ ਝੱਲਣਾ ਪਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਝੂਠ ਤੇ ਫ਼ਰੇਬ ਦੇ ਸਹਾਰੇ ਸਰਕਾਰਾਂ ਨਹੀਂ ਚੱਲਦੀਆਂ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਬਾਦਲ) ਦਾ ਗੁਰਦਾਸਪੁਰ 'ਚ ਖ਼ਾਤਾ ਨਹੀਂ ਖੁੱਲ੍ਹੇਗਾ ਅਤੇ ਉਹ ਸਿਰਫ਼ ਚੌਥੇ ਨੰਬਰ 'ਤੇ ਆਉਣ ਦੀ ਲੜਾਈ ਲੜ ਰਹੇ ਹਨ।

ਇਸ ਤੋਂ ਪਹਿਲਾਂ ਵਿਧਾਇਕਾ ਅਰੁਣਾ ਚੌਧਰੀ ਤੇ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਸੁਖਜਿੰਦਰ ਸਿੰਘ ਰੰਧਾਵਾ ਨੂੰ ਸਿਰੋਪਾ ਪਹਿਨਾ ਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਅਸ਼ੋਕ ਚੌਧਰੀ ਨੇ ਕਿਹਾ ਟਿਕਟ ਦਾ ਐਲਾਨ ਹੁੰਦਿਆਂ ਹੀ ਹਲਕੇ ਅੰਦਰ ਸ. ਰੰਧਾਵਾ ਦੇ ਹੱਕ ਵਿੱਚ ਜਨ ਸਮਰਥਨ ਉਮੜ ਪਿਆ ਸੀ ਅਤੇ ਹੁਣ ਸਿਰਫ਼ ਵਧੇਰੇ ਲੀਡ ਹਾਸਲ ਕਰਨ ਦੀ ਲੜਾਈ ਚੱਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਿਸੇ ਵੀ ਵਿਰੋਧੀ ਪਾਰਟੀ ਕੋਲ ਸੁਖਜਿੰਦਰ ਸਿੰਘ ਰੰਧਾਵਾ ਵਰਗਾ ਸਿਆਣਾ ਤੇ ਸੂਝਵਾਨ ਉਮੀਦਵਾਰ ਨਹੀਂ ਹੈ। ਵਿਧਾਇਕਾ ਅਰੁਣਾ ਚੌਧਰੀ ਨੇ ਵਰਕਰਾਂ ਕੋਲੋਂ ਭਰੋਸਾ ਲਿਆ ਕਿ ਉਹ ਸਖ਼ਤ ਮੇਹਨਤ ਕਰਦੇ ਹੋਏ ਤਮਾਮ ਹਲਕਿਆਂ ਵਿੱਚੋਂ ਸਭ ਤੋਂ ਵੱਧ ਲੀਡ ਦੀਨਾਨਗਰ ਹਲਕੇ 'ਚੋਂ ਲੈ ਕੇ ਦਿਖਾਉਣਗੇ ਅਤੇ ਸ. ਰੰਧਾਵਾ ਨੂੰ ਲੋਕਾਂ ਦੀ ਆਵਾਜ਼ ਬਣਾ ਕੇ ਸੰਸਦ ਵਿੱਚ ਭੇਜਣਗੇ। ਇਸ ਦੌਰਾਨ ਸ. ਰੰਧਾਵਾ ਨੂੰ ਮਿਲਣ ਤੇ ਉਨ੍ਹਾਂ ਨਾਲ ਫੋਟੋਆਂ ਖਿੱਚਵਾਉਣ ਵਾਲਿਆਂ ਦਾ ਤਾਂਤਾ ਲੱਗਾ ਰਿਹਾ ਅਤੇ ਵਰਕਰਾਂ ਅੰਦਰ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਮੀਤ ਪ੍ਰਧਾਨ ਪ੍ਰਵੀਨ ਬਾਬਾ, ਸਮਾਜ ਸੇਵਕ ਜੋਗਿੰਦਰ ਸਿੰਘ ਸਲਾਰੀਆ, ਦਲਬੀਰ ਸਿੰਘ ਬਿੱਟੂ, ਦੀਪਕ ਭੱਲਾ, ਲੱਕੀ ਰੰਧਾਵਾ, ਸੁਭਾਸ਼ ਮੇਘੀਆਂ, ਵਿਜੇ ਸ਼ਰਮਾ, ਜਿੰਮੀ ਬਰਾੜ, ਬਖ਼ਸ਼ੀਸ਼ ਸਿੰਘ ਮਕੌੜਾ, ਪ੍ਰਸ਼ੋਤਮ ਸਿੰਘ ਪੱਪਾ, ਦਿੱਗਵਿਜੇ ਸਿੰਘ, ਕੈਪਟਨ ਸ਼ੇਰ ਸਿੰਘ, ਦੇਸ ਰਾਜ ਜੰਡੀ, ਭੁਪਿੰਦਰ ਸਿੰਘ ਸੇਖਵਾਂ ਅਤੇ ਹਰਜਿੰਦਰ ਸਿੰਘ ਗਵਾਲੀਆ ਤੋਂ ਇਲਾਵਾ ਵੱਡੀ ਗਿਣਤੀ 'ਚ ਵਰਕਰ ਹਾਜ਼ਰ ਸਨ।

# ਪੰਜਾਬ ਸਰਕਾਰ ਝੋਨਾ ਲਾਉਣ ਦੀ ਤਰੀਕ 1 ਜੂਨ ਲਾਗੂ ਕਰੇ-ਸੁੱਖ ਗਿੱਲ ਮੋਗਾ



**ਕੋਟ ਇਸੇ ਖਾਂ, ਲੋਕ ਬਾਣੀ (ਅਰੋੜਾ )** ਭਾਰਤੀ ਕਿਸਾਨ ਯੂਨੀਅਨ ਪੰਜਾਬ ਤੋਤੇਵਾਲ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ,ਜਿਲ੍ਹਾ ਪ੍ਰਧਾਨ ਜਲੰਧਰ ਕੇਵਲ ਸਿੰਘ ਖਹਿਰਾ,ਸ਼ਹਿਰੀ ਪ੍ਰਧਾਨ ਦਵਿੰਦਰ ਸਿੰਘ ਕੋਟ,ਜਿਲ੍ਹਾ ਪ੍ਰਧਾਨ ਤਰਨਤਾਰਨ ਪਰਮਜੀਤ ਸਿੰਘ ਗਦਾਈਕੇ,ਜਿਲ੍ਹਾ ਪ੍ਰਧਾਨ ਫਿਰੋਜ਼ਪੁਰ ਲਖਵਿੰਦਰ ਸਿੰਘ ਕਰਮੂੰਵਾਲਾ,ਜਿਲ੍ਹਾ ਪ੍ਰਧਾਨ ਕਪੂਰਥਲਾ ਸੁਖਦੇਵ ਸਿੰਘ ਨੰਬਰਦਾਰ ਕਬੀਰਪੁਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕੇ ਝੋਨਾਂ ਲਾਉਣ ਦੀ ਤਰੀਕ 1 ਜੂਨ ਨਿਰਧਾਰਤ ਕੀਤੀ ਜਾਵੇ ਤਾਂ ਕੇ ਝੋਨੇ ਦੀ ਪਨੀਰੀ ਦੀ ਬਿਜਾਈ ਸਮੇਂ ਸਿਰ ਕੀਤੀ ਜਾ ਸਕੇ,ਉਹਨਾਂ ਕਿਹਾ ਕੇ ਜਿੰਨਾਂ ਲੇਟ ਝੋਨਾ ਲਗਦਾ ਹੈ ਓਨਾਂ ਹੀ ਲੇਟ ਝੋਨਾ ਪੱਕਦਾ ਹੈ ਅਤੇ ਦਾਣਿਆਂ ਵਿੱਚ ਨਮੀ ਰਹਿੰਦੀ ਹੈ ਅਤੇ ਕਿਸਾਨਾਂ ਨੂੰ ਕਈ ਕਈ ਦਿਨ ਮੰਡੀਆਂ ਵਿੱਚ ਰੁਲਨਾਂ ਪੈਂਦਾ ਹੈ,ਸੁੱਖ ਗਿੱਲ ਮੋਗਾ ਨੇ ਕਿਹਾ ਕੇ ਪੰਜਾਬ ਸਰਕਾਰ ਨੇ ਅਜੇ ਤੱਕ ਸਬਸਿਡੀ ਵਾਲਾ ਢੈਂਜਣ ਦਾ ਬੀਜ ਅਤੇ ਜਿਪਸਮ ਵੀ ਕਿਸਾਨਾਂ ਵਿੱਚ ਨਹੀ ਵੰਡਿਆ ਇਸ ਵੱਲ ਖਾਸ ਧਿਆਨ ਦੇਣ ਦੀ ਲੋੜ ਹੈ।




publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਜਥੇਦਾਰ ਬਲਜੀਤ ਸਿੰਘ ਦਾਦੂਵਾਲ , ਸੁਖਵਿੰਦਰ ਸਿੰਘ , ਸੰਦੀਪ ਸੈਣੀ ਚੇਅਰਮੈਨ ਪੰਜਾਬ ਇਨਾ ਦਾ ਸੈਣੀ ਸਮਾਜ ਵਲੋਂ ਸਨਮਾਨ ਕੀਤਾ ਗਿਆ

**ਸਹੀਦ ਭਗਤ ਸਿੰਘ ਨਗਰ ਲੋਕ ਬਾਣੀ-** ਅਮਰ ਸ਼ਹੀਦ ਬੀਬੀ ਸ਼ਰਨ ਕੌਰ ਟ੍ਰਸਟ, ਸ.ਹਰਵੇਲ ਸਿੰਘ ਸੈਣੀ ਸਮੂਹ ਸੈਣੀ ਪਰਿਵਾਰ ਵੱਲੋਂ ਉਹਨਾਂ ਦੇ ਗ੍ਰਹਿ ਪਿੰਡ ਇਬਰਾਹੀਮਪੁਰ, ਗੜਸ਼ੰਕਰ ਵਿਖੇ ਅੱਜ ×ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਜਰਨਲ ਸਕੱਤਰ ਸ. ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ ਅਤੇ ਸ੍ਰੀ ਸੰਦੀਪ ਸੈਣੀ ਚੇਅਰਮੈਨ ਲੈਂਡ ਡਿਵੈਲਪਮੈਂਟ ਐਂਡ ਫਾਈਨੈਂਸ ਕਾਪੋਰੇਸ਼ਨ ਪੰਜਾਬ ਦਾ ਸਨਮਾਨ ਸਮਾਰੋਹ ਕੀਤਾ ਗਿਆ ਹੈ× ਇਸ ਸਮੇਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਪਾਵਨ ਬਾਣੀ ਦੇ ਪਾਠਾਂ ਦੇ ਭੋਗ ਪਾਏ ਗਏ, ਉਪਰੰਤ ਭਾਈ ਗੁਰਸੇਵਕ ਸਿੰਘ ਰੰਗੀਲਾ,ਭਾਈ ਸੁਖਪਾਲ ਸਿੰਘ,ਭਾਈ ਕੁਲਵੀਰ ਸਿੰਘ ਹਜੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਦੇ ਜਥੇ ਨੇ ਰਸਭਿੰਨਾ ਕੀਰਤਨ ਕੀਤਾ ਗਿਆ! ਇਸ ਸਨਮਾਨ ਸਮਾਰੋਹ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਜਰਨਲ ਸਕੱਤਰ ਸ. ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ ਅਤੇ ਸ੍ਰੀ ਸੰਦੀਪ ਸੈਣੀ ਚੇਅਰਮੈਨ ਲੈਂਡ ਡਿਵੈਲਪਮੈਂਟ ਐਂਡ ਫਾਈਨੈਂਸ ਕਾਪੋਰੇਸ਼ਨ ਪੰਜਾਬ , ਮਨਜੀਤ ਸਿੰਘ ਸੈਣੀ ਅੰਮ੍ਰਿਤਸਰ,ਬਲਵਿੰਦਰ ਸਿੰਘ ਮੁਲਤਾਨੀ ਕਨਵੀਨੀਅਰ ਓ.ਬੀ.ਸੀ. ਸੈਲ ਪੰਜਾਬ,ਅਤੇ ਨੇ ਸੰਬੋਧਨ ਕੀਤਾ! ਸ.ਹਰਵੇਲ ਸਿੰਘ ਸੈਣੀ ਵੱਲੋਂ ਪੁੱਜੀਆਂ ਸ਼ਖਸ਼ੀਅਤਾਂ ਦਾ ਸਿਰਪਾਓ ਤਾਜੇ ਫੁੱਲਾਂ




ਦੇ ਬੁੱਕੇ ਅਤੇ ਯਾਦਗਾਰੀ ਸਨਮਾਨ ਚਿੰਨ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਹੋਰਨਾਂ ਤੋਂ ਇਲਾਵਾ ਅੱਜ ਦੇ ਸਮਾਗਮ ਵਿੱਚ ਕਾਂਗਰਸੀ ਲੀਡਰ ਸ੍ਰੀ ਪ੍ਰਤਾਪ ਸੈਣੀ ਨੰਗਲ,ਸ੍ਰੀ ਵਿਨੋਦ ਰਾਏ ਹੁਸ਼ਿਆਰਪੁਰ, ਪੈ?ਸ ਰਿਪੋਰਟ ਸੁਖਵਿੰਦਰ ਸਿੰਘ ਧਾਵਾ ਉੜਾਪੜ ਸਾਬਕਾ ਪ?ਧਾਨ ਯੂਥ ਕਾਂਗਰਸ ਕਮੇਟੀ ਸ੍ਰੀ ਅਨੰਦਪੁਰ ਸਾਹਿਬ, ਬਲਵਿੰਦਰ ਸਿੰਘ ਮੁਲਤਾਨੀ ਕਨਵੀਨੀਅਰ ਓ.ਬੀ.ਸੀ . ਸੈਲ ਪੰਜਾਬ,,ਇੰਡਸਟਰੀਲਿਸਟ ਡਾਕਟਰ ਕਮਲਜੀਤ ਸਿੰਘ ਗਰੀਨ ਪਲੈਨਟ ਜਲੰਧਰ , ਮਨਜੀਤ ਸਿੰਘ ਬੜਵੈਤ ਇੰਦੌਰ, ਰਵਿੰਦਰ ਸਿੰਘ ਸੰਨੀ ,ਕਾਕਾ ਦਵਿੰਦਰ ਸਿੰਘ ਝੰਜੋਵਾਲ, ਹਰਵਿੰਦਰ ਸਿੰਘ ਸੈਣੀ ਚੰਡੀਗੜ੍ਹ, ਡਾਕਟਰ ਜਤਿੰਦਰ ਸਿੰਘ ਲੁਧਿਆਣਾ,,ਮੁਲਾਜ਼ਮ ਲੀਡਰ ਕੁਲਵੰਤ ਸਿੰਘ ਸੈਣੀ ਜੱਲੋਵਾਲ,ਸੁਰਿੰਦਰ ਸਿੰਘ ਸੈਣੀ ਗੋਇੰਦਵਾਲ ਸਾਹਿਬ, ਪ੍ਰੇਮ ਸੈਣੀ ਹੁਸ਼ਿਆਰਪੁਰ, ਗੁਰਬਚਨ ਸਿੰਘ ਦਰਦੀ ਅੰਬਾਲਾ , ਗਾਇਕ ਕੁਲਵੀਰ ਸੈਣੀ ,ਇੰਸਪੈਕਟਰ ਹਰਵਿੰਦਰ ਸਿੰਘ ਹੈਰੀ ਚੰਡੀਗੜ੍ਹ,ਸੂਬੇਦਾਰ ਇਕਬਾਲ ਸਿੰਘ ਜਲੰਧਰ,ਸਤਨਾਮ ਸਿੰਘ ਧਨੋਆ ਮੁਕਰੀਆਂ, ਤਰਲੋਚਨ ਸਿੰਘ ਰਿਟਾਇਰਡ ਅਫਸਰ ਇੰਟੈਲੀਜੈਂਸ ਬਿਊਰੋ ਭੋਗਪੁਰ, ਪੱਤਰਕਾਰ ਜਰਨੈਲ ਸਿੰਘ ਨਿੱਕੂਵਾਲ ,ਪਰਮਜੀਤ ਸਿੰਘ ਬੋਲਾ ਸ਼ੀ? ਅਨੰਦਪੁਰ ਸਾਹਿਬ,ਸ੍ਰੀ ਹੁਸਨ ਚੰਦ ਸੈਣੀ ਨੂਰਪੁਰ ਵੇਦੀ,ਦਲਜੀਤ ਸਿੰਘ ਸੈਣੀ ਦਿੱਲੀ ,ਹਰਭਜਨ ਸਿੰਘ ਸੇਵਾ ਮੁਕਤ ਡੀ. ਐਫ. ਸੀ. ਰੋਪੜ, ਗੁਰਦੀਪ ਸਿੰਘ ਸੇਵਾ ਮੁਕਤ ਡੀ.ਐਸ.ਪੀ. ਸੂਰਾਪੁਰ,ਗੀਤਕਾਰ ਅਮਰੀਕ ਹਮਰਾਜ,ਲੰਬਰਦਾਰ ਓਂਕਾਰ ਸਿੰਘ ਬਗਵਾਈ, ਮਾਸਟਰ ਕਰਤਾਰ ਸਿੰਘ,ਰਣਜੀਤ ਸਿੰਘ ਬੰਗਾ, ਜਰਨੈਲ ਸਿੰਘ ਦਰੜ,ਉਂਕਾਰ ਸਿੰਘ ਡੋਲਾ ਇਬਰਾਹੀਮਪੁਰ , ਸਤਪਾਲ ਸਿੰਘ ਬੰਗਾ ਰਿਟਾਇਰਡ ਪੁਲਿਸ ਅਫਸਰ, ਅਮਰੀਕ ਸਿੰਘ ਭਾਰਟਾ, ਰੁਪਿੰਦਰ ਬੰਟੀ,ਅਨੂਪ ਸਿੰਘ ਭਦਰੂ, ਧਰਮਪ੍ਰੀਤ ਸਿੰਘ ਰਾਜਾ,ਪ੍ਰੇਮ ਸਿੰਘ ਬਗਵਾਈ,ਸੁਖਦੇਵ ਸਿੰਘ ਜਰਮਨ, ਪਰਮਜੀਤ ਸਿੰਘ ਉੱਚੀ ਪੱਲੀ,ਅਵਤਾਰ ਸਿੰਘ ਦਿਹਾਣਾ ਸੁਖਦੇਵ ਸਿੰਘ ਬੰਬੇਲੀ ਆਦਿ ਸ਼ਖਸ਼ੀਅਤਾਂ ਹਾਜ਼ਰ ਸਨ। ਸੈਣੀ ਪਰਿਵਾਰ ਵੱਲੋਂ ਅਵਤਾਰ ਸਿੰਘ ਸੈਣੀ ਪਰਮਜੀਤ ਕੌਰ ਸੈਣੀ, ਅਮਨਪ੍ਰੀਤ ਸਿੰਘ ਸੈਣੀ ਪੁਰਤਗਾਲ,ਸੁਰਿੰਦਰ ਸਿੰਘ ਭੋਲੂ, ਜਗਦੀਪ ਸਿੰਘ ,ਸਰਬਜੀਤ ਸਿੰਘ ਤੰਬੜ,ਪ੍ਰਭਦੀਪ ਸਿੰਘ ,ਮਨਜਿੰਦਰ ਸਿੰਘ, ਮਿਲਨ ਸੈਣੀ,ਬਲਵਿੰਦਰ ਕੌਰ, ਜਸਵੀਰ ਸਿੰਘ ਝਿੱਕਾ ਆਦਿ ਸ਼ਾਮਿਲ ਸਨ।

## ਦੋਆਬਾ ਸਿੱਖ ਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਅਤੇ ਬੂਥ ਨੰਬਰ 61 ਤੇ 62 ਵਿਖੇ ਜਿੱਥੇ ਲੋਕ ਸਭਾ ਚੋਣਾ ਮੱਦੇਨਜ਼ਰ ਵੋਟਰ ਪ੍ਰਣ ਲਿਆ ਗਿਆ ਉੱਥੇ ਸਵੀਪ ਗਤੀਵਿਧੀਆਂ ਤਹਿਤ ਅਤੇ ਈ.ਵੀ. ਐਮ.ਸਬੰਧੀ ਜਾਗਰੂਕ ਕੀਤਾ ਗਿਆ

ਸਹੀਦ ਭਗਤ ਸਿੰਘ ਨਗਰ ਲੋਕ ਬਾਣੀ- ਜ਼ਿਲ੍ਹਾ ਚੋਣ ਅਫ਼ਸਰ ਸ਼ਹੀਦ ਭਗਤ ਸਿੰਘ ਨਗਰ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾ. ਅਕਸ਼ਿਤਾ ਗੁਪਤਾ ਆਈ. ਏ.ਐਸ. ਉੱਪ-ਮੰਡਲ ਮੈਜਿਸਟ੍ਰੇਟ ਨਵਾਂਸ਼ਹਿਰ ਜੀ ਦੀਆਂ ਹਦਾਇਤਾਂ ਅਨੁਸਾਰ ਜਿੱਥੇ ਲੋਕ ਸਭਾ ਚੋਣਾ 2024 ਦੇ ਮੱਦੇਨਜ਼ਰ ਦੋਆਬਾ ਸਿੱਖ ਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਦੇ ਪ੍ਰਿੰਸੀਪਲ ਪਰਵਿੰਦਰ ਸਿੰਘ ਰਾਣਾ ਅਤੇ ਸਮੂਹ ਅਧਿਆਪਕਾ ਅਤੇ ਬੱਚਿਆ ਵਲੋਂ ਅਤੇ ਬੂਥ ਨੰਬਰ 61,62 ਦੇ ਵੋਟਰਾਂ ਦੇ ਸਹਿਯੋਗ ਨਾਲ ਜਿੱਥੇ ਵੋਟਰ ਪ੍ਰਣ ਲਿਆ ਗਿਆ, ਉੱਥੇ ਸਵੀਪ ਗਤੀਵਿਧੀਆਂ ਤਹਿਤ ਤਰਸੇਮ ਲਾਲ ਸਵੀਪ ਨੋਡਲ ਅਫ਼ਸਰ ਵਲੋਂ ਜਾਗਰੂਕ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆ ਡਿਪਟੀ ਸਮੂਹ ਸਿੱਖਿਆ ਅਤੇ ਸੂਚਨਾ ਅਫ਼ਸਰ ਅਤੇ ਸਵੀਪ ਗਤੀਵਿਧੀਆ ਦੇ ਨੋਡਲ ਅਫ਼ਸਰ ਤਰਸੇਮ ਲਾਲ ਵਲੋਂ ਸਮੂਹ ਅਧਿਆਪਕਾਂ ਅਤੇ ਵੋਟਰਾਂ ਨੂੰ ਵੋਟਰ ਪ੍ਰਣ ਦਿਵਾਇਆ ਗਿਆ। ਜਿਸ ਵਿੱਚ ਉਹਨਾਂ ਨੇ "ਅਸੀ ਭਾਰਤ ਦੇ ਨਾਗਰਿਕ ਲੋਕਤੰਤਰ ਵਿੱਚ ਪੂਰਾ ਵਿਸ਼ਵਾਸ ਰੱਖਦੇ ਹਾਂ ਕਿ ਅਸੀ ਆਪਣੇ ਦੇਸ਼ ਦੀਆ ਲੋਕਤੰਤਰੀ ਪਰੰਪਰਾਵਾ ਕਾਇਮ ਰੱਖਾਂਗੇ ਅਤੇ ਸੁਤੰਤਰ, ਨਿਰਪੱਖ ਅਤੇ ਸ਼ਾਂਤਮਈ ਚੋਣਾਂ ਦਾ ਮਾਣ ਬਰਕਰਾਰ ਰੱਖਦੇ ਹੋਏ, ਨਿਡੱਰ ਹੋ ਕੇ, ਧਰਮ, ਵਰਗ, ਜਾਤੀ, ਭਾਈਚਾਰੇ, ਭਾਸ਼ਾ ਜਾਂ ਹੋਰ ਕਿਸੇ ਵੀ ਲਾਲਚ ਦੇ ਪ੍ਰਭਾਵ ਤੋਂ ਬਿਨ੍ਹਾਂ ਸਾਰੀਆ ਚੋਣਾਂ ਵਿੱਚ ਆਪਣੇ ਵੋਟ ਦੇ ਹੱਕ ਦੀ ਵਰਤੋ ਕਰਾਂਗੇ।"ਨੂੰ ਸਾਰਥਕ ਕਰਨ ਦੀ ਅਪੀਲ ਕੀਤੀ ।ਉਹਨਾਂ ਨੇ ਇਸ ਦੇ ਨਾਲ ਹੀ ਨੌਜਵਾਨ ਪੀੜੀ ਨੂੰ ਸਵੀਪ ਗਤੀਵਿਧੀਆਂ ਤਹਿਤ ਵੋਟ ਦੀ ਮਹੱਤਤਾ ਸਬੰਧੀ ਜਾਣਕਾਰੀ ਦਿੱਤੀ। ਉਹਨਾਂ ਨੇ ਕਿਹਾ ਕਿ ਆਪਣੀ ਵੋਟ ਦਾ ਇਸਤੇਮਾਲ ਬਿਨਾਂ ਕਿਸੇ ਲਾਲਚ ਦੇ ਪੂਰੀ ਇਮਾਨਦਾਰੀ ਨਾਲ ਕਰਨ । ਸਾਰੇ ਵੋਟਰ ਬਣਨ - ਤਾਕਤਵਰ, ਸੁਚੇਤ; ਸੁਰੱਖਿਅਤ ਅਤੇ ਜਾਗਰੂਕ। ਕਿਸੇ ਵੀ ਜਾਣਕਾਰੀ ਲਈ ਟੋਲ ਫ਼ਰੀ ਨੰਬਰ 1950 ਤੇ ਮੁਫਤ ਕਾਲ ਕੀਤਾ ਜਾ ਸਕਦਾ ਹੈ । ਉਹਨਾਂ ਨੇ ਈ. ਵੀ.ਐੱਮ. ਅਤੇ ਵੀ .ਵੀ.ਪੈਟ. ਸਬੰਧੀ ਜਾਣਕਾਰੀ ਵੀ ਦਿੱਤੀ। ਉਹਨਾਂ ਨੇ ਇਲੈਕਟ੍ਰੋਨਿਕ ਵੋਟਿੰਗ ਮਸ਼ੀਨ ਜਿਸ ਵਿੱਚ ਬੈਲਟ ਯੂਨਿਟ, ਵੀ. ਵੀ. ਪੀ. ਏ. ਟੀ. ,ਕੰਟਰੋਲ ਯੂਨਿਟ ਸਬੰਧੀ ਜਾਣਕਾਰੀ ਦਿੱਤੀ ਗਈ । ਉਹਨਾਂ ਨੇ ਕਿਹਾ ਕਿ ਆਪਣੀ ਅੱਖੀ ਆਪਣੀ ਵੋਟ ਦੀ ਤਸਦੀਕ ਕਰੋ। ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟਰੇਲ (vvpat) ਇਲੈਕਟ੍ਰੋਨਿਕ ਵੋਟਿੰਗ ਮਸ਼ੀਨ ਨਾਲ ਜੁੜੀ ਇਕ ਮਸ਼ੀਨ ਹੈ,ਜਿਸ ਦੇ ਰਾਹੀਂ ਵੋਟਰ ਦੀ ਤਸਦੀਕ ਕਰ ਸਕਦੇ ਹਾਂ। ਇਸ ਮਸ਼ੀਨ ਰਾਹੀ ਵੋਟਰ ਲਗਭਗ 7 ਸੈਕਿੰਡ ਲਈ ਉਸ ਉਮੀਦਵਾਰ ਦਾ ਲੜੀ ਨੰਬਰ, ਨਾਮ ਅਤੇ ਚੋਣ ਨਿਸ਼ਾਨ ਵੇਖ ਸਕਦੇ ਹਨ, ਜਿਨ੍ਹਾਂ ਨੂੰ ਉਹਨਾਂ ਨੇ ਵੋਟ ਪਾਇਆ ਹੈ।ਉਹਨਾ ਨੇ ਕਿਹਾ ਕਿ (1) ਵੋਟ ਪਾਓ - ਈ . ਵੀ. ਐੱਮ. ਦੇ ਬੈਲਟ ਯੂਨਿਟ ਤੇ ਨੀਲਾ ਬਟਨ ਦਬਾਓ। (2) ਤਸਦੀਕ ਕਰੋ - ਵੀ .ਵੀ. ਪੀ. ਏ. ਟੀ. ਤੇ ਛਪੀ ਹੋਈ ਪਰਚੀ ਦੀ ਜਾਂਚ ਕਰੋ ।ਇਸ ਮੌਕੇ ਹਰਵਿੰਦਰ ਸਿੰਘ, ਜਸਕਰਨ ਸਿੰਘ, ਸੁਰਜੀਤ ਸਿੰਘ, ਮਹਿੰਦਰ ਪਾਲ, ਪ੍ਰਭਜੋਤ, ਸਤਿੰਦਰ ਕੌਰ, ਕਮਲਜੀਤ ਕੌਰ, ਨਵਨੀਤ ਕੌਰ, ਮਨਜੀਤ ਕੌਰ ਅਧਿਆਪਕਾ ਤੇ ਸੇਵਾਦਾਰਾ ਅਤੇ ਬੱਚਿਆ ਵਲੋਂ ਸੰਪੂਰਨ ਸਹਿਯੋਗ ਦਿੱਤਾ ਗਿਆ ।

## ਸਿਵਲ ਸਰਜਨ ਨੇ ਆਮ ਆਦਮੀ ਕਲੀਨਿਕ ਬਲ੍ਹਾੜੀ ਕਲਾਂ ਦੀ ਕੀਤੀ ਅਚਨਚੇਤ ਚੈਕਿੰਗ

ਫਤਿਹਗੜ੍ਹ ਸਾਹਿਬ ਸਿਵਲ ਸਰਜਨ ਫਤਹਿਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਨੇ ਆਮ ਆਦਮੀ ਕਲੀਨਿਕ ਬਲ੍ਹਾੜੀ ਕਲਾਂ ਦੀ ਅਚਨਚੇਤ ਚੈਕਿੰਗ ਕੀਤੀ।ਇਸ ਚੈਕਿੰਗ ਦੌਰਾਨ ਉਹਨਾਂ ਸਟਾਫ ਦੀ ਹਾਜ਼ਰੀ ਚੈੱਕ ਕੀਤੀ। ਇਸ ਮੌਕੇ ਡਾ. ਦਵਿੰਦਰਜੀਤ ਕੌਰ ਨੇ ਸਟਾਫ ਨੂੰ ਹਦਾਇਤ ਕਰਦਿਆਂ ਕਿਹਾ ਕਿ ਫੀਲਡ ਸਰਵੇ ਕੀਤਾ ਜਾਵੇ ਅਤੇ ਗਰਭਵਤੀਆਂ ਦੀ




ਅਰਲੀ ਰਜਿਸਟਰੇਸ਼ਨ ਕਰਨੀ ਯਕੀਨੀ ਬਣਾਈ ਜਾਵੇ। ਰਜਿਸਟਰੇਸ਼ਨ ਦੌਰਾਨ ਹਾਈ ਰਿਸਕ ਕੇਸਾਂ ਦੀ ਲਿਸਟ ਬਣਾ ਕੇ ਉਹਨਾਂ ਨੂੰ ਪਹਿਲ ਦੇ ਆਧਾਰ ਤੇ ਲੋੜੀਂਦੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਜਾਣ। ਉਹਨਾਂ ਕਿਹਾ ਕਿ ਕੋਈ ਵੀ ਜਣੇਪਾ ਘਰਾਂ ਵਿੱਚ ਨਾ ਹੋਣ ਦਿੱਤਾ ਜਾਵੇ ਅਤੇ ਸਾਰੇ ਜਣੇਪੇ ਸੰਸਥਾਗਤ ਕਰਵਾਏ ਜਾਣੇ ਯਕੀਨੀ ਬਣਾਏ ਜਾਣ ਅਤੇ ਜੱਚਾ ਬੱਚਾ ਸਿਹਤ ਸੇਵਾਵਾਂ ਪੂਰਨ ਰੂਪ ਵਿੱਚ ਆਮ ਲੋਕਾਂ ਨੂੰ ਉਪਲੱਬਧ ਕਰਵਾਈਆਂ ਜਾਣ। ਉਹਨਾਂ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਇਲਾਜ ਕਰਾਉਣ ਲਈ ਆਏ ਸਾਰੇ ਮਰੀਜ਼ਾਂ ਦਾ ਡਾਟਾ ਆਨਲਾਈਨ ਕਰਨ ਤਾਂ ਕਿ ਵਿਭਾਗ ਨੂੰ ਸਿਹਤ ਸਕੀਮਾਂ ਬਣਾਉਣ ਸਬੰਧੀ ਅੰਕੜੇ ਉਪਲਬਧ ਹੋ ਸਕਣ , ਅਜਿਹਾ ਕਰਨ ਨਾਲ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਹੋਣ ਨਾਲ ਉਹਨਾਂ ਦਾ ਇਲਾਜ ਸੌਖਾ ਅਤੇ ਜਲਦੀ ਹੋ ਜਾਂਦਾ ਹੈ ਅਤੇ ਲੋਕਾਂ ਨੂੰ ਜਿਆਦਾ ਮੁਸ਼ਕਿਲਾਂ ਦਾ ਸਾਹਮਣਾ ਨਹੀਂ ਕਰਨਾ ਪੈਂਦਾ। ਉਨ੍ਹਾਂ ਸਿਹਤ ਸੈਂਟਰ ਦੀ ਸਾਫ ਸਫਾਈ ਵੱਲ ਵਿਸ਼ੇਸ਼ ਤਵੱਜੋ ਦੇਣ ਲਈ ਕਿਹਾ। ਉਹਨਾਂ ਬਾਇਓ ਮੈਡੀਕਲ ਵੇਸਟ ਮੈਨੇਜਮੈਂਟ ਸਬੰਧੀ ਹਦਾਇਤ ਕਰਦਿਆਂ ਕਿਹਾ ਕਿ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਹੀ ਇਸਦਾ ਨਿਪਟਾਰਾ ਕੀਤਾ ਜਾਵੇ। ਉਹਨਾਂ ਕਲੀਨਿਕ ਵਿੱਚ ਦਵਾਈਆਂ ਤੇ ਮੈਡੀਕਲ ਲੈਬਾਰਟਰੀ ਟੈਸਟਾਂ ਦਾ ਸਟਾਕ ਚੈੱਕ ਕੀਤਾ ਅਤੇ ਕਲੀਨਿਕ ਵੱਲੋਂ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਤੇ ਤਸੱਲੀ ਪ੍ਰਗਟ ਕੀਤੀ। ਉਹਨਾਂ ਕਲੀਨਿਕ ਵਿੱਚ ਇਲਾਜ ਕਰਾਉਣ ਲਈ ਆਏ ਮਰੀਜ਼ਾਂ ਨਾਲ ਗੱਲਬਾਤ ਕਰਕੇ ਵੀ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ।

# ਸਵੀਪ ਗਤੀਵਿਧੀਆਂ ਅਧੀਨ ਸਰਕਾਰੀ ਸਕੂਲ ਕਰਨਾਣਾ ਵਿਖੇ ਲਗਾਇਆ ਵੋਟਰ ਜਾਗਰੂਕਤਾ ਸੈਮੀਨਾਰ

**ਸਹੀਦ ਭਗਤ ਸਿੰਘ ਨਗਰ ਲੋਕ ਬਾਣੀ-** ਲੋਕ ਸਭਾ ਚੋਣਾਂ 2024 ਨੂੰ ਮੁੱਖ ਰੱਖਦੇ ਹੋਏ ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਕਮ ਜਿਲ੍ਹਾ ਚੋਣ ਅਫਸਰ ਨਵਜੋਤ ਪਾਲ ਸਿੰਘ ਰੰਧਾਵਾ ਦੇ ਹੁਕਮਾਂ ਅਤੇ ਰਾਜੀਵ ਵਰਮਾ ਐਡੀਸ਼ਨਲ ਡਿਪਟੀ ਕਮਿਸ਼ਨਰ-ਕਮ- ਨੋਡਲ ਅਫਸਰ ਸਵੀਪ ਦੇ ਨਿਰਦੇਸ਼ਾਂ ਅਨੁਸਾਰ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰਨਾਣਾ ਦੇ ਇੰਚਾਰਜ਼ ਜਸਵੰਤ ਸਿੰਘ ਦੀ ਅਗਵਾਈ ਹੇਠ ਸਵੀਪ ਗਤੀਵਿਧੀਆਂ ਅਧੀਨ ਵੋਟਰ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ ਸਵੀਪ ਦੇ ਨੋਡਲ ਅਫਸਰ ਸਤਨਾਮ ਸਿੰਘ, ਬੀ. ਐਲ. ਐਮ.ਗਰਲਜ ਕਾਲਜ ਨਵਾਂ ਸ਼ਹਿਰ ਤੋਂ ਰਾਜਨੀਤੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਹਰਦੀਪ ਕੌਰ ਅਤੇ ਉਂਕਾਰ ਸਿੰਘ ਕੰਪਿਊਟਰ ਫੈਕਲਟੀ ਵਲੋਂ ਮੁੱਖ ਬੁਲਾਰਿਆਂ ਦੇ ਰੂਪ ਵਿੱਚ ਸ਼ਿਰਕਤ ਕੀਤੀ ਗਈ। ਉਹਨਾਂ ਦੁਆਰਾ ਵਿਦਆਰਥੀਆਂ ਨੂੰ ਵੋਟਾਂ ਬਾਰੇ ਜਾਗਰੂਕ ਕਰਨ ਲਈ ਆਪਣੇ ਵਿਚਾਰ ਪੇਸ਼ ਕੀਤੇ ਗਏ।ਸਤਨਾਮ ਸਿੰਘ ਦੁਆਰਾ ਵਿਦਆਰਥੀਆਂ ਨੂੰ ਆਪਣੀ ਵੋਟ ਬਣਵਾਉਣਾ ਲਾਜ਼ਮੀ ਕਰਾਰ ਦੇਣ ਦੇ ਨਾਲ -ਨਾਲ ਉਹਨਾਂ ਨੂੰ ਵੋਟ ਦੀ ਵਰਤੋਂ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ ਅਤੇ ਉਹਨਾਂ ਦੁਆਰਾ ਕਿਹਾ ਗਿਆ ਕਿ ਵਿਦਆਰਥੀ ਭਾਰਤ ਦੇ ਨਾਗਰਿਕ ਹੋਣ ਦੇ ਨਾਤੇ ਆਪਣੇ ਵੋਟ ਅਧਿਕਾਰ ਦਾ ਇਸਤੇਮਾਲ ਜਰੂਰ ਕਰਨ ਅਤੇ ਆਪਣੀ ਵੋਟ ਜਰੂਰ ਬਣਵਾਉਣ ਕਿਉਂਕਿ ਭਵਿੱਖ ਵਿੱਚ ਨੌਜਵਾਨ ਹੀ ਹਨ ਜੋ ਦੇਸ਼ ਦੇ ਲੋਕਤੰਤਰ ਨੂੰ ਬਰਕਰਾਰ ਰੱਖ ਸਕਦੇ ਹਨ।ਉਨ੍ਹਾਂ ਕਿਹਾ ਵਿਦਆਰਥੀ ਆਪਣੇ ਪਿੰਡਾਂ ਵਿੱਚ ਅਤੇ ਆਲੇ ਦੁਆਲੇ ਦੇ ਲੋਕਾਂ ਨੂੰ ਵੋਟ ਬਣਵਾਉਣ ਅਤੇ ਹਰ ਇੱਕ ਵਿਅਕਤੀ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਵੋਟ ਦੇ ਅਧਿਕਾਰ ਦਾ ਪ੍ਰਯੋਗ ਕਰਨ ਲਈ ਕਹਿਣ ਅਤੇ ਚੋਣ ਕਮਿਸ਼ਨ ਦੇ ਸਲੋਗਨ ਇਸ ਬਾਰ 70 ਪਾਰ ਦੇ ਤਹਿਤ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਵੋਟਿੰਗ ਟਰਨ ਆਊਟ ਨੂੰ 75 ਦੇ ਪਾਰ ਕਰਨ ਵਿੱਚ ਸਹਿਯੋਗ ਅਤੇ ਹਰ ਇੱਕ ਕੋਸ਼ਿਸ਼ ਕਰਨ ।ਸਹਾਇਕ ਪ੍ਰੋਫੈਸਰ ਹਰਦੀਪ ਕੌਰ ਦੁਆਰਾ ਵੋਟਾਂ ਦੀ ਪੋਲੰਗਿ ਦੇ ਆਂਕੜਿਆਂ ਬਾਰੇ ਵੀ ਵਿਦਆਰਥੀਆਂ ਨੂੰ ਜਾਗਰੂਕ ਕੀਤਾ ਗਿਆ ਕਿ ਮਰਦਾਂ ਦੇ ਮੁਕਾਬਲੇ ਵਿੱਚ ਔਰਤਾਂ ਦਾ ਵੋਟ ਪੋਲੰਗਿ ਵੱਧ ਹੈ ਅਤੇ ਇਸ ਲਈ ਨਾਗਰਿਕ ਹੋਣ ਦੇ ਨਾਤੇ ਹਰ ਇੱਕ ਵਿਅਕਤੀ ਦਾ ਨਿੱਜੀ ਫਰਜ਼ ਬਣਦਾ ਹੈ ਕਿ ਉਹ ਆਪਣੇ ਵੋਟ ਦੇ ਅਧਿਕਾਰ ਦਾ ਪ੍ਰਯੋਗ ਜਰੂਰ ਕਰਨ ਤਾਂ ਜੋ ਇੱਕ ਮਜਬੂਤ ਲੋਕਤੰਤਰ ਦੀ ਸਥਾਪਨਾ ਕੀਤੀ ਜਾ ਸਕੇ ਅਤੇ ਨਾਲ ਹੀ ਵਿਦਆਰਥੀਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਵੀ ਆਪਣਾ ਯੋਗਦਾਨ ਦੇਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਸਟੇਜ਼ ਸੰਚਾਲਨ ਦੀ ਭੂਮਿਕਾ ਵਿਪਨ ਕੁਮਾਰ ਜਿਲ੍ਹਾ ਵੋਕੇਸ਼ਨਲ ਕੋਆਰਡੀਨੇਟਰ ਵਲੋਂ ਬਾਖੂਬੀ ਨਿਭਾਈ ਗਈ।ਸਕੂਲ ਇੰਚਾਰਜ਼ ਜਸਵੰਤ ਸਿੰਘ ਦੁਆਰਾ ਆਏ ਹੋਏ ਮੁੱਖ ਬੁਲਾਰਿਆਂ ਦਾ ਧੰਨਵਾਦ ਕੀਤਾ ਗਿਆ ਅਤੇ ਵਿਦਆਰਥਣਾਂ ਨੂੰ ਹਰ ਇੱਕ ਵੋਟ ਪੋਲ ਕਰਵਾਉਣ ਲਈ ਪ੍ਰੇਰਿਤ ਕੀਤਾ।ਕੰਪਿਊਟਰ ਫੈਕਲਟੀ ਉਂਕਾਰ ਸਿੰਘ ਦੁਆਰਾ ਵਿਦਆਰਥਣਾਂ ਨੂੰ ਵੋਟਰ ਪ੍ਰਣ ਦੁਆਇਆ ਗਿਆ।ਇਸ ਮੌਕੇ ਬਲਵੀਰ ਸਿੰਘ, ਅਮਰਿੰਦਰ ਸਿੰਘ, ਦਿਨੇਸ਼ ਗੌਤਮ, ਸੁਖਵਿੰਦਰ ਕੌਰ, ਸਰੋਜ਼ ਰਾਣੀ, ਵੀਨਾ ਰਾਣੀ, ਦੇਵਾਂਸ਼ੂ ਸੋਹਲ, ਕੁਲਜੀਤ ਸੁਨਾਰ, ਸ਼ੀਲਾ ਰਾਣੀ, ਸ਼ਾਮ ਲਾਲ ਆਦਿ ਹਾਜ਼ਰ ਸਨ।






# ਜਗਰਾਓਂ ਵਿੱਖੇ ਹੋ ਰਹੀ ਕਿਸਾਨ ਮਹਾਪੰਚਾਇਤ ਵਿੱਚ ਬੀ ਕੇ ਯੂ ਲੱਖੋਵਾਲ ਲਵੇਗੀ ਵੱਧ ਚੜ ਕੇ ਹਿੱਸਾ ਪੰਡੋਰੀ, ਜੀਂਦੜਾ

ਮੋਗਾ, ਅੱਜ ਬੀ ਕੇ ਯੂ ਲੱਖੋਵਾਲ ਬਲਾਕ ਧਰਮਕੋਟ ਦੀ ਮਹੀਨਾਵਾਰ ਮੀਟਿੰਗ ਜਿਲ੍ਹਾ ਦਫ਼ਤਰ ਮੋਗਾ ਵਿੱਖੇ ਬਲਾਕ ਪ੍ਰਧਾਨ ਜਸਵੰਤ ਸਿੰਘ ਪੰਡੋਰੀ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਸੂਬਾ ਮੀਤ ਪ੍ਰਧਾਨ ਮੋਹਨ ਸਿੰਘ ਜੀਂਦੜਾਂ, ਸੂਬਾ ਮੀਤ ਪ੍ਰਧਾਨ ਗੁਲਜਾਰ ਸਿੰਘ ਘੱਲ ਕਲਾਂ ਜਿਲਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਹਾਜ਼ਰ ਹੋਏ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਬਲਾਕ ਪ੍ਰਧਾਨ ਜਸਵੰਤ ਸਿੰਘ ਪੰਡੋਰੀ ਨੇ ਦੱਸਿਆ ਕਿ ਜਗਰਾਉਂ ਵਿੱਖੇ 21 ਮਈ ਨੂੰ ਹੋਣ ਵਾਲੀ ਕਿਸਾਨ ਮਹਾ ਪੰਚਾਇਤ ਸਬੰਧੀ ਵਿਚਾਰਾਂ ਕੀਤੀਆਂ। ਪ੍ਰਧਾਨ ਨੇ ਜੋਰ ਦੇ ਕੇ ਸਮੂਹ ਯੂਨੀਅਨ ਆਗੂਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਬੀ ਕੇ ਯੂ ਲੱਖੋਵਾਲ ਇਸ ਕਿਸਾਨ ਮਹਾ ਰੈਲੀ ਵਿੱਚ ਵੱਧ ਚੜ ਕੇ ਹਿੱਸਾ ਲਵੇਗੀ ਅਤੇ ਅੱਜ ਹੀ ਉਹਨਾਂ ਨੇ ਬਲਾਕ ਧਰਮਕੋਟ ਬੀ ਕੇ ਯੂ ਲੱਖੋਵਾਲ ਇਕਾਈ ਪ੍ਰਧਾਨ ਸਾਹਿਬਾਨ ਤੇ ਆਗੂਆਂ ਦੀਆਂ ਡਿਊਟੀਆਂ ਲਾਈਆਂ। ਉਹਨਾਂ ਕਿਹਾ ਕਿ ਇਸ ਕਿਸਾਨ ਮਹਾ ਪੰਚਾਇਤ ਨੂੰ ਜੋਰ ਸ਼ੋਰ ਨਾਲ ਸਫਲ ਬਣਾਇਆ ਜਾਵੇਗਾ ਅਤੇ ਭਾਜਪਾ ਨੂੰ ਕਿਸਾਨ ਵਿਰੋਧੀ ਅਤੇ ਪੰਜਾਬ ਵਿਰੋਧੀ ਹੋਣ ਦਾ ਅਹਿਸਾਸ ਕਰਾਇਆ ਜਾਵੇਗਾ। ਇਸ ਸਮੇਂ ਜਸਵੰਤ ਸਿੰਘ ਬਲਾਕ ਪ੍ਰਧਾਨ, ਜਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ,ਗੁਲਜਾਰ ਸਿੰਘ ਘੱਲ ਕਲਾ ਸੂਬਾ ਮੀਤ ਪ੍ਰਧਾਨ, ਮੋਹਨ ਸਿੰਘ ਜੀਂਦੜਾ ਮੀਤ ਪ੍ਰਧਾਨ ਪੰਜਾਬ, ਬੂਟਾ ਸਿੰਘ ,ਹਰਦੀਪ ਸਿੰਘ, ਨਿਰਮਲ ਸਿੰਘ, ਅਮਰੀਕ ਸਿੰਘ ਤੇ ਜਗਸੀਰ ਸਿੰਘ ਜੱਗੀ ਜਿਲ੍ਹਾ ਮੀਤ ਪ੍ਰਧਾਨ ਬਾਘਾ ਪੁਰਾਣਾ ਆਦਿ ਹਾਜ਼ਰ ਸਨ।

# ਕੇਅਰ ਕੰਪੇਨੀਅਨ ਪ੍ਰੋਗਰਾਮ ਬਾਰੇ ਜਾਣੂ ਕਰਵਾਇਆ

ਸੰਦੌੜ :ਸਿਵਲ ਸਰਜਨ ਡਾ. ਕਿਰਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾ ਸੀਨੀਅਰ ਮੈਡੀਕਲ ਅਫ਼ਸਰ ਡਾ. ਜੀ. ਐਸ ਭਿੰਡਰ ਦੀ ਅਗਵਾਈ ਵਿੱਚ ਮੁਢਲਾ ਸਿਹਤ ਕੇਂਦਰ ਪੰਜਗਰਾਈਆਂ ਵਿਖੇ ਲੋਕਾਂ ਨੂੰ ਕੇਅਰ ਕੰਪੇਨੀਅਨ ਪ੍ਰੋਗਰਾਮ ( ਸੀ ਸੀ ਪੀ ) ਬਾਰੇ ਜਾਗਰੂਕ ਕੀਤਾ ਗਿਆ ਹੈ। ਲੋਕਾਂ ਨੂੰ ਟੀਕਾਕਰਨ ਦੌਰਾਨ ਹਰਪ੍ਰੀਤ ਕੌਰ ਬਲਾਕ ਐਜੂਕੇਟਰ ਵੱਲੋਂ ਇਸ ਪ੍ਰੋਗਰਾਮ ਬਾਰੇ ਜਾਣਕਾਰੀ ਦਿੱਤੀ ਗਈ।ਬੀ. ਈ. ਈ ਹਰਪ੍ਰੀਤ ਕੌਰ ਨੇ ਦੱਸਿਆ ਕਿ ਬਹੁ-ਪ੍ਰਭਾਵੀ ਸਿਹਤ ਸੁਧਾਰ ਪ੍ਰੋਗਰਾਮ 'ਕੇਅਰ ਕੰਪੇਨੀਅਨ ( ਸੀ.ਸੀ.ਪੀ.) ਦਾ ਮੁੱਖ ਟੀਚਾ ਗਰਭਵਤੀ ਔਰਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਿਹਤ ਸਬੰਧੀ ਜਾਗਰੂਕਤਾ ਮੁਹਿੰਮ ਵਿਚ ਸ਼ਾਮਲ ਕਰਨਾ ਸੀ ਤਾਂ ਜੋ ਰੋਕੀਆਂ ਜਾ ਸਕਣ ਵਾਲੀਆਂ ਬਿਮਾਰੀਆਂ ਨੂੰ ਕਾਬੂ ਕੀਤਾ ਜਾ ਸਕੇ। ਉਹਨਾਂ ਕਿਹਾ ਕੇ ਹੁਣ ਇਸ ਪੋਗਰਾਮ ਦਾ ਦਾਇਰਾ ਹੋਰ ਵਧਾਇਆ ਗਿਆ ਹੈ, ਜਿਸ ਤਹਿਤ ਜਨਰਲ ਮੈਡੀਕਲ ਅਤੇ ਸਰਜੀਕਲ ਕੇਅਰ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਵਿੱਚ ਬੀਪੀ, ਸੂਗਰ ਦਿਲ ਦੀਆਂ ਬਿਮਾਰੀਆਂ 'ਤੇ ਕੇਂਦਰਿਤ ਕੀਤਾ ਗਿਆ ਹੈ ਕਿ ਕਿਸ ਤਰ੍ਹਾਂ ਇਹਨਾਂ ਬਿਮਾਰੀਆਂ ਤੋਂ ਮਰੀਜ਼ ਆਪਣਾ ਧਿਆਨ ਰੱਖ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋ ਟੋਲ ਫ੍ਰੀ ਨੰਬਰ ਅਤੇ ਵਟਸਐਪ ਨੰਬਰ ਵੀ ਜਾਰੀ ਕੀਤੇ ਹੋਏ ਹਨ ਜਿਹਨਾਂ ਰਾਹੀਂ ਕੋਈ ਵੀ ਵਿਅਕਤੀ ਸਿਹਤ ਸੰਦੇਸਾਂ ਲਈ ਸਬਸਕ੍ਰਾਇਬ ਕਰ ਸਕਦਾ ਹੈ ਅਤੇ ਇਹ ਸੰਦੇਸ਼ ਉਨ੍ਹਾਂ ਨੂੰ ਤਿੰਨ ਮਹੀਨਿਆਂ ਲਈ ਪ੍ਰਾਪਤ ਹੋਣਗੇ। ਇਸ ਦੌਰਾਨ ਵਿਅਕਤੀ ਸਿਹਤ ਸੰਬੰਧੀ ਆਪਣੇ ਸਵਾਲਾਂ ਦੇ ਜਵਾਬ ਵੀ ਪ੍ਰਾਪਤ ਕਰ ਸਕਦਾ ਹੈ। ਇਸ ਮੌਕੇ ਡਾ. ਨਿਧਾ, ਚੀਫ ਫਾਰਮੈਸੀ ਅਫ਼ਸਰ ਨੰਦ ਸਿੰਘ,ਰਾਜੇਸ਼ ਰਿਖੀ,ਰੁਪਿੰਦਰ ਸਿੰਘ, ਗੁਰਮੀਤ ਕੌਰ,ਰੁਪਿੰਦਰ ਕੌਰ, ਗੌਰੀ ਬੀਬੀ ਵੀ ਹਾਜ਼ਰ ਸਨ ।



# ਸਾਈਕਲਿਟ ਮਨਮੋਹਨ ਸਿੰਘ ਜਗਾ ਰਿਹਾ ਵੋਟਾਂ ਦੀ ਅਲਖ਼



ਅੰਮ੍ਰਿਤਸਰ:- ਸਮਾਜ ਵਿੱਚ ਕੁਝ ਲੋਕ ਅਜਿਹੇ ਹੁੰਦੇ ਹਨ ਜੋ ਆਪਣੀਆਂ ਨਿਵੇਕਲੀਆਂ ਕੋਸ਼ਸ਼ਾਂ ਕਰਕੇ ਲੋਕਾਂ ਦੇ ਮਨਾਂ ਵਿੱਚ ਆਪਣੀ ਅਲਗ ਜਗ੍ਹਾ ਬਣਾਉਣ ਵਿੱਚ ਕਾਮਯਾਬ ਹੁੰਦੇ ਹਨ।ਉਹ ਲੋਕ ਆਪਣੇ ਰੋਜ਼ਮਰਾ ਦੇ ਕੰਮਾਂ ਦੇ ਨਾਲ-ਨਾਲ ਸਮਾਜ ਪ੍ਰਤੀ ਵੀ ਆਪਣੀ ਜ਼ੁੰਮੇਵਾਰੀ ਸਮਝਦੇ ਹੋਏ ਲੋਕ ਭਲਾਈ ਕਾਰਜ਼ਾਂ ਵਿੱਚ ਨਿਰੰਤਰ ਆਪਣਾ ਯੋਗਦਾਨ ਪਾਉਂਦੇ ਰਹਿੰਦੇ ਹਨ।ਇਸ ਗੱਲ ਦਾ ਪ੍ਰਗਟਾਵਾ ਸਵੀਪ ਗਤੀਵਿਧੀਆਂ ਦੇ ਮੁੱਖੀ ਅਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ਼੍ਰੀ ਨਿਕਾਸ ਕੁਮਾਰ ਨੇ ਸਾਈਕਲਿਸਟ ਸ਼੍ਰੀ ਮਨਮੋਹਨ ਸਿੰਘ ਦੀ ਸਾਈਕਲ ਯਾਤਰਾ ਨੂੰ ਅਗਲੇ ਪੜ੍ਹਾਅ ਵੱਲ ਤੋਰਨ ਮੌਕੇ ਕੀਤਾ।ਉਹਨਾਂ ਦੱਸਿਆ ਕਿ ਅਗਾਮੀ ਲੋਕਸਭਾ ਚੋਣਾਂ ਲਈ ਪੰਜਾਬ ਰਾਜ ਵਿੱਚ 1 ਜੂਨ ਨੂੰ ਵੋਟਾਂ ਪਾਈਆਂ ਜਾਣੀਆਂ ਹਨ,ਇਹਨਾਂ ਵੋਟਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਸਾਈਕਲਿਸਟ ਮਨਮੋਹਨ ਸਿੰਘ ਵਲੋਂ ਆਪਣੀ ਵੋਟਰ ਜਾਗਰੂਕਤਾ ਮੁਹਿਮ 30 ਮਈ ਨੂੰ ਸੰਗਰੂਰ ਜਿਲ੍ਹੇ ਤੋਂ ਸ਼ੁਰੂ ਕੀਤੀ ਗਈ ਸੀ ਅਤੇ ਚਾਰ ਦਿਨਾਂ ਵਿੱਚ ਲੱਗਭਗ 400 ਕਿਲੋਮੀਟਰ ਦਾ ਰਸਤਾ ਤਹਿ ਕਰਕੇ ਉਹ ਗੁਰੂ-ਨਗਰੀ ਪਹੁੰਚੇ ਹਨ।ਉਹਨਾਂ ਕਿਹਾ ਕਿ ਮਨਮੋਹਨ ਸਿੰਘ ਹੁਰਾਂ ਦਾ ਇਹ ਉਪਰਾਲਾ ਸ਼ਲਾਘਯੋਗ ਹੈ ਅਤੇ ਅਜਿਹੇ ਲੋਕ ਸਾਡੇ ਸਮਾਜ ਲਈ ਚਾਣਨ ਮੁਨਾਰਾ ਹਨ,ਜੋ ਪੂਰੇ ਸਮਾਜ ਨੂੰ ਚੰਗੀ ਸੇਧ ਦੇਣ ਦੀ ਪੂਰੀ ਕੋਸ਼ਸ਼ ਕਰ ਰਹੇ ਹਨ।ਉਹਨਾਂ ਕਿਹਾ ਕਿ ਉਹਨਾਂ ਅਗਾਮੀ ਲੋਕਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਭਾਰਤ ਚੋਣ ਕਮਿਸ਼ਨ ਵਲੋਂ ਵੋਟਰਾਂ ਦੀ ਸਹੂਲਤ ਲਈ ਕਈ ਉਪਰਾਲੇ ਕੀਤੇ ਜਾ ਰਹੇ ਹਨ।ਲੋਕਸਭਾ ਚੋਣਾਂ ਵਿੱਚ ਹਰ ਵਰਗ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸਾਸ਼ਨ ਵਲੋਂ ਹਰ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ।ਉਹਨਾਂ ਕਿਹਾ ਕਿ ਕੋਈ ਵੀ ਯੋਗ ਨਾਗਰਿਕ ਜਿਸਦੀ ਉਮਰ 18 ਸਾਲ ਤੋਂ ਉੱਪਰ ਹੈ,ਉਹ 4 ਮਈ ਤੱਕ ਆਪਣੀ ਵੋਟ ਬਣਵਾ ਸਕਦਾ ਹੈ।ਉਹਨਾਂ ਕਿਹਾ ਕਿ ਇਹ ਵੋਟ ਆਨਲਾਈਨ ਵੋਟਰ ਸਰਵਿਸ ਪੋਰਟਲ ਜਾਂ ਵੋਟਰ ਹੈਲਪਲਾਈਨ ਐਪ ਰਾਹੀਂ ਵੀ ਅਪਲਾਈ ਕੀਤੀ ਜਾ ਸਕਦੀ ਹੈ।ਉਹਨਾਂ ਦੱਸਿਆ ਕਿ ਚੋਣ ਕਮਿਸ਼ਨ ਵਲੋਂ ਇਸ ਵਾਰ 'ਅਬ ਕੀ ਬਾਰ ਸੱਤਰ ਪ੍ਰਤੀਸ਼ਤ ਪਾਰ' ਦਾ ਨਾਅਰਾ ਦਿੱਤਾ ਗਿਆ ਹੈ,ਇਸ ਲਈ ਲੋਕਾਂ ਨੂੰ ਵੱਧ ਤੋਂ ਵੱਧ ਵੋਟਾਂ ਵਿੱਚ ਭਾਗ ਲੈਣਾ ਚਾਹੀਦਾ ਹੈ,ਤਾਂ ਜੋ ਜ਼ਿਲ੍ਹਾ ਅੰਮ੍ਰਿਤਸਰ ਵਿੱਚ 70 ਪ੍ਰਤੀਸ਼ਤ ਵੋਟਿੰਗ ਦੇ ਆਂਕੜੇ ਨੂੰ ਪਾਰ ਕੀਤਾ ਜਾ ਸਕੇ।ਉਹਨਾਂ ਕਿਹਾ ਕਿ ਸਾਰੇ ਵੋਟਰ 1 ਜੂਨ ਨੂੰ ਹੋਣ ਵਾਲੀਆਂ ਲੋਕਸਭਾ ਚੋਣਾਂ ਦੀ ਪੋਲਿੰਗ ਵਿੱਚ ਜ਼ਰੂਰ ਆਪਣੇ ਵੋਟ ਪਾਉਣ ਦੇ ਸੰਵਿਧਾਨਿਕ ਹੱਕ ਦੀ ਵਰਤੋਂ ਕਰਨ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਸਾਈਕਲਿਸਟ ਮਨਮੋਹਨ ਸਿੰਘ ਨੇ ਦੱਸਿਆ ਕਿ ਉਹ ਇਸ ਵੇਲੇ ਪੂਰੇ ਪੰਜਾਬ ਦੀ ਫ਼ੇਰੀ ਤੇ ਹਨ ਅਤੇ ਪਿੰਡਾਂ,ਕਸਬਿਆਂ ਅਤੇ ਸ਼ਹਿਰਾਂ ਦੇ ਲੋਕਾਂ ਨੂੰ ਵੋਟ ਪਾਉਣ ਦੀ ਅਲਖ਼ ਜਗਾ ਰਹੇ ਹਨ।ਉਹਨਾਂ ਦੱਸਿਆ ਕਿ ਉਹ ਇਸ ਤੋਂ ਪਹਿਲਾਂ ਸ਼੍ਰੀਨਗਰ ਤੋਂ ਕੰਨਿਆਕੁਮਾਰੀ ਅਤੇ ਸੁਨਾਮ ਤੋਂ ਲੇਹ ਦੀ ਸਾਈਕਲ ਯਾਤਰਾ ਕਰ ਚੁੱਕੇ ਹਨ।ਉਹਨਾਂ ਦੱਸਿਆ ਕਿ ਉਹਨਾਂ ਅੱਜ ਹੈਰੀਟੇਜ ਸਟਰੀਟ,ਜ਼ਲਿਆਂਵਾਲਾ ਬਾਗ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ(ਲੜਕੇ),ਕੋਟ ਬਾਬਾ ਦੀਪ ਸਿੰਘ ਵਿਖੇ ਜਾ ਕੇ ਲੋਕਾਂ ਨੂੰ ਵੋਟਾਂ ਲਈ ਜਾਗਰੂਕ ਕੀਤਾ।ਇਸ ਤੋਂ ਪਹਿਲਾਂ ਉਹਨਾਂ ਦਾ ਵੀਰਵਾਰ ਸ਼ਾਮ ਅੰਮ੍ਰਿਤਸਰ ਪਹੁੰਚਣ ਤੇ ਜ਼ਿਲ੍ਹਾ ਚੋਣ ਦਫ਼ਤਰ ਦੇ ਅਧਿਕਾਰੀਆਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ ਸੀ।ਇਸ ਮੌਕੇ ਜ਼ਿਲ੍ਹਾ ਚੋਣ ਤਹਿਸੀਲਦਾਰ ਸ.ਇੰਦਰਜੀਤ ਸਿੰਘ,ਸੌਰਵ ਖੋਸਲਾ,ਪੰਕਜ ਕੁਮਾਰ,ਮੁਨੀਸ਼ ਕੁਮਾਰ ਅਤੇ ਆਸ਼ੂ ਧਵਨ ਵੀ ਹਾਜ਼ਰ ਸਨ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਜਲੰਧਰ ਵਿਖੇ ਸੂਬਾਈ ਕਨਵੈਂਨਸ਼ਨ ਭਲਕੇ



ਜੈਤੋ, :ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ 5 ਮਈ 2024 ਦਿਨ ਐਤਵਾਰ ਨੂੰ ਸਵੇਰੇ ਠੀਕ 10 ਵਜੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾਈ ਕਨਵੈਨਸ਼ਨ ਕੀਤੀ ਜਾ ਰਹੀ ਹੈ । ਮੁਲਾਜ਼ਮ ਤੇ ਪੈਨਸ਼ਨਰ ਆਗੂ ਚਰਨ ਸਿੰਘ ਸਰਾਭਾ, ਦਰਸ਼ਨ ਸਿੰਘ ਲਬਾਣਾ,ਰਣਜੀਤ ਸਿੰਘ ਰਾਣਵਾਂ, ਜਗਦੀਸ਼ ਸਿੰਘ ਚਾਹਲ, ਗੁਰਜੀਤ ਸਿੰਘ ਘੋੜੇਵਾਹ, ਗੁਰਮੇਲ ਸਿੰਘ ਮੈਲਡੇ, ਗੁਰਪ੍ਰੀਤ ਸਿੰਘ ਮੰਗਵਾਲ, ਸੁਰਿੰਦਰ ਕੁਮਾਰ ਪੁਆਰੀ, ਪ੍ਰੇਮ ਚਾਵਲਾ , ਕਰਤਾਰ ਸਿੰਘ ਪਾਲ, ਪ੍ਰਵੀਨ ਕੁਮਾਰ ਲੁਧਿਆਣਾ,ਜਸਵਿੰਦਰ ਪਾਲ ਉੱਘੀ,ਪ੍ਰਭਜੀਤ ਸਿੰਘ ਉੱਪਲ ਅਤੇ ਡਿੰਪਲ ਰੁਹੇਲਾ ਨੇ ਦੱਸਿਆ ਹੈ ਕਿ ਇਸ ਕਨਵੈਂਨਸ਼ਨ ਵਿੱਚ ਭਰਵੀਂ ਸ਼ਮੂਲੀਅਤ ਕਰਨ ਲਈ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22-ਬੀ , ਚੰਡੀਗੜ੍ਹ, ਦੀ ਕਲਾਸ ਫ਼ੋਰ ਗੌਰਮਿੰਟ ਇੰਪਲਾਈਜ ਯੂਨੀਅਨ ਪੰਜਾਬ , ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ, ਪੰਜਾਬ ਪੈਨਸ਼ਨਰਜ਼ ਯੂਨੀਅਨ(ਰਜਿ:) ਅਤੇ ਹੋਰ ਸਹਿਯੋਗੀ ਜਥੇਬੰਦੀਆਂ ਵੱਲੋਂ ਪੂਰੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਆਗੂਆਂ ਨੇ ਅੱਗੇ ਦੋਸ਼ ਲਾਇਆ ਕਿ ਮੌਜੂਦਾ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਲਗਾਤਾਰ ਗਿਣੀ ਮਿਥੀ ਸਾਜਿਸ਼ ਤਹਿਤ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੁੱਖ ਮੰਗਾਂ ਨੂੰ ਨਜ਼ਰ ਅੰਦਾਜ਼ ਕੀਤਾ ਹੋਇਆ ਹੈ। ਜਿਸ ਕਾਰਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਇਹਨਾਂ ਹੁਕਮਰਾਨ ਸਰਕਾਰਾਂ ਪ੍ਰਤੀ ਵਿਆਪਕ ਰੋਸ ਪਾਇਆ ਜਾ ਰਿਹਾ ਹੈ। ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਬੜੇ ਲੰਮੇ ਸਮੇਂ ਤੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਸਮੂਹ ਕੱਚੇ,ਠੇਕਾ ਆਧਾਰਤ , ਆਊਟਸੋਰਸ ਮੁਲਾਜ਼ਮਾਂ ਅਤੇ ਸਕੀਮ ਵਰਕਰਾਂ ਨੂੰ ਪੂਰੀਆਂ ਤਨਖਾਹਾਂ ਤੇ ਭੱਤਿਆਂ ਸਮੇਤ ਤੁਰੰਤ ਰੈਗੂਲਰ ਕੀਤਾ ਜਾਵੇ,ਜਨਵਰੀ 2004 ਤੋਂ ਬਾਅਦ ਭਰਤੀ ਸਾਰੇ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਬਹਾਲ ਕੀਤੀ ਜਾਵੇ,ਪਰਖ ਕਾਲ ਦਾ ਸਮਾਂ ਇੱਕ ਸਾਲ ਕਰਕੇ ਪਰਖ ਕਾਲ ਦੇ ਸਮੇਂ ਦੌਰਾਨ ਪੂਰੀਆਂ ਤਨਖਾਹਾਂ ਤੇ ਭੱਤੇ ਦਿੱਤੇ ਜਾਣ,17 ਜੁਲਾਈ 2020 ਤੋਂ ਲਾਗੂ ਕੇਂਦਰੀ ਤਨਖਾਹ ਸਕੇਲ ਵਾਪਸ ਲੈ ਕੇ ਪੰਜਾਬ ਦੇ ਤਨਖਾਹ ਸਕੇਲ ਲਾਗੂ ਕੀਤੇ ਜਾਣ,ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਾਰਾਂ ਲਈ ਡੀ ਏ ਦੀਆਂ ਬਕਾਇਆ ਪਈਆਂ 12 ਫੀਸਦੀ ਤਿੰਨ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਜਨਵਰੀ 2016 ਤੋਂ 30 ਜੂਨ 2021 ਤੱਕ ਦਾ ਸੋਧੀਆਂ ਤਨਖਾਹਾਂ /ਪੈਨਸ਼ਨਾਂ ਅਤੇ ਲੀਵ ਇਨਕੈਸ਼ਮੈਂਟ ਦਾ ਬਕਾਇਆ ਦਿੱਤਾ ਜਾਵੇ , ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ ,ਪਿਕਟਸ ਅਧੀਨ ਕੰਮ ਕਰਦੇ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ਼ ਕੀਤਾ ਜਾਵੇ।



# ਪਾਕਿਸਤਾਨ ਵਿੱਚ ਵਾਪਰਿਆ ਭਿਆਨਕ ਬੱਸ ਹਾਦਸਾ, ਮ੍ਰਿਤਕ ਲੋਕਾਂ ਦੀ ਗਿਣਤੀ 20 ਹੋਈ



ਪੇਸ਼ਾਵਰ - ਉੱਤਰ-ਪੱਛਮੀ ਪਾਕਿਸਤਾਨ 'ਚ ਸ਼ੁੱਕਰਵਾਰ ਨੂੰ ਯਾਤਰੀਆਂ ਨਾਲ ਭਰੀ ਇਕ ਬੱਸ ਫਿਸਲ ਜਾਣ ਕਾਰਨ ਡੂੰਘੀ ਖੱਡ 'ਚ ਡਿੱਗ ਗਈ, ਜਿਸ ਵਿਚ ਮਰਨ ਵਾਲੇ ਲੋਕਾਂ ਦੀ ਗਿਣਤੀ ਹੁਣ ਘੱਟੋ-ਘੱਟ 20 ਹੋ ਗਈ ਹੈ। ਇਸ ਗੱਲ ਦੀ ਜਾਣਕਾਰੀ ਅਧਿਕਾਰੀਆਂ ਵਲੋਂ ਦਿੱਤੀ ਗਈ ਹੈ। ਇਸ ਮਾਮਲੇ ਦੀ ਸੂਚਨਾ ਦਿੰਦੇ ਹੋਏ ਇੱਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਇਹ ਘਟਨਾ ਗਿਲਗਿਤ-ਬਾਲਟਿਸਤਾਨ ਖੇਤਰ ਦੇ ਦਿਆਮੇਰ ਜ਼ਿਲ੍ਹੇ ਵਿੱਚ ਕਾਰਾਕੋਰਮ ਹਾਈਵੇਅ 'ਤੇ ਵਾਪਰੀ ਹੈ।

ਉਹਨਾਂ ਨੇ ਦੱਸਿਆ ਕਿ ਹਾਦਸੇ ਦਾ ਸ਼ਿਕਾਰ ਹੋਈ ਬੱਸ ਰਾਵਲਪਿੰਡੀ ਤੋਂ ਹੁੰਜ਼ਾ ਜਾ ਰਹੀ ਸੀ। ਇਸ ਦੌਰਾਨ ਡਰਾਈਵਰ ਬੱਸ ਦਾ ਕੰਟਰੋਲ ਗੁਆ ਬੈਠਾ। ਅਧਿਕਾਰੀ ਨੇ ਕਿਹਾ ਕਿ ਅਜੇ ਤੱਕ ਇਹ ਸਪੱਸ਼ਟ ਨਹੀਂ ਹੋ ਰਿਹਾ ਕਿ ਬੱਸ ਵਿੱਚ ਕਿੰਨੇ ਯਾਤਰੀ ਸਵਾਰ ਸਨ। ਇਸ ਹਾਦਸੇ ਵਿੱਚ ਘੱਟੋ-ਘੱਟ 15 ਲੋਕ ਜ਼ਖ਼ਮੀ ਹੋਏ ਹਨ, ਜਿਨ੍ਹਾਂ ਨੂੰ ਨੇੜਲੇ ਹਸਪਤਾਲ ਇਲਾਜ ਲਈ ਲਿਜਾਇਆ ਗਿਆ ਹੈ।

ਅਧਿਕਾਰੀ ਨੇ ਦੱਸਿਆ ਕਿ ਬਚਾਅ ਕਾਰਜ ਜਾਰੀ ਹਨ। ਲਾਸ਼ਾਂ ਨੂੰ ਕਬਜ਼ੇ ਵਿਚ ਲੈ ਕੇ ਹਸਪਤਾਲ ਲਿਜਾਇਆ ਜਾ ਰਿਹਾ ਹੈ। ਹਸਪਤਾਲ ਦੇ ਇੱਕ ਸੂਤਰ ਨੇ ਦੱਸਿਆ ਕਿ ਮਰਨ ਵਾਲਿਆਂ ਵਿੱਚ ਤਿੰਨ ਔਰਤਾਂ ਵੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਮਰਨ ਵਾਲਿਆਂ ਦੀ ਗਿਣਤੀ ਵਧਣ ਦੀ ਸੰਭਾਵਨਾ ਹੈ, ਕਿਉਂਕਿ ਕਈ ਜ਼ਖਮੀਆਂ ਦੀ ਹਾਲਤ ਨਾਜ਼ੁਕ ਹੈ। ਗਿਲਗਿਤ-ਬਾਲਟਿਸਤਾਨ ਦੇ ਮੁੱਖ ਮੰਤਰੀ ਹਾਜੀ ਗੁਲਬਰ ਖਾਨ ਨੇ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਹੈ ਅਤੇ ਪ੍ਰਸ਼ਾਸਨ ਨੂੰ ਜ਼ਖਮੀਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ।

## ਪੁਲਸ ਨੇ ਬੰਦੂਕਾਂ, ਨਸ਼ੀਲੇ ਪਦਾਰਥ ਕੀਤੇ ਜ਼ਬਤ; ਵਿਅਕਤੀ 'ਤੇ 35 ਅਪਰਾਧਾਂ ਦਾ ਦੋਸ਼

ਸਿਡਨੀ- ਆਸਟ੍ਰੇਲੀਆ ਵਿਖੇ ਦੱਖਣੀ ਨਿਊ ਸਾਊਥ ਵੇਲਜ਼ ਵਿੱਚ ਇੱਕ ਦਿਹਾਤੀ ਜਾਇਦਾਦ 'ਤੇ ਛਾਪੇਮਾਰੀ ਕਰਨ ਤੋਂ ਬਾਅਦ ਪੁਲਸ ਨੇ 25 ਸਾਲਾ ਵਿਅਕਤੀ 'ਤੇ ਦਰਜਨਾਂ ਦੋਸ਼ ਲਗਾਏ ਹਨ। ਇਸ ਛਾਪੇਮਾਰੀ ਵਿਚ ਪੁਲਸ ਨੇ ਬੰਦੂਕਾਂ, ਪਾਵਰ ਟੂਲਸ ਅਤੇ ਕਿਰਲੀਆਂ ਸਮੇਤ ਕਥਿਤ ਤੌਰ 'ਤੇ ਚੋਰੀ ਕੀਤਾ ਸਾਮਾਨ ਬਰਾਮਦ ਕੀਤਾ। ਪੁਲਸ ਨੇ ਕੈਨਬਰਾ ਤੋਂ ਲਗਭਗ 200 ਕਿਲੋਮੀਟਰ ਪੱਛਮ ਵਿੱਚ ਹੁਮੁਲਾ ਵਿੱਚ ਛਾਪੇਮਾਰੀ ਕੀਤੀ।

ਉਨ੍ਹਾਂ ਨੇ ਤਿੰਨ ਬੰਦੂਕਾਂ, ਗੋਲਾ ਬਾਰੂਦ, ਤਿੰਨ ਟ੍ਰੇਲ ਬਾਈਕ, ਇੱਕ ਲਗਜ਼ਰੀ ਘੜੀ, ਇੱਕ ਚੇਨਸਾ, ਹੇਜ ਕਟਰ, ਲਾਅਨ ਮੋਵਰ, ਆਰ.ਐਮ.ਐਸ ਰੋਡ ਸਾਈਨ, ਨੰਬਰ ਪਲੇਟ ਅਤੇ ਇੱਕ ਬੋਗੀ ਟ੍ਰੇਲਰ ਜ਼ਬਤ ਕੀਤਾ - ਇਹ ਸਭ ਕਥਿਤ ਤੌਰ 'ਤੇ ਚੋਰੀ ਕੀਤੇ ਗਏ ਸਨ। ਉਨ੍ਹਾਂ ਨੂੰ ਚਾਰ ਸ਼ਿੰਗਲਬੈਕ ਬਲੂ ਟੰਗ ਮਤਲਬ ਨੀਲੀ ਜੀਭ ਦੀਆਂ ਕਿਰਲੀਆਂ ਵੀ ਮਿਲੀਆਂ। ਇਨ੍ਹਾਂ ਨੂੰ ਰਾਸ਼ਟਰੀ ਪਾਰਕ ਅਤੇ ਜੰਗਲੀ ਜੀਵ ਸੇਵਾਵਾਂ ਦੁਆਰਾ ਜ਼ਬਤ ਕਰ ਲਿਆ ਗਿਆ, ਜਦੋਂ ਇਹ ਪਾਇਆ ਗਿਆ ਸੀ ਕਿ ਵਿਅਕਤੀ ਕੋਲ ਸੁਰੱਖਿਅਤ ਦੇਸੀ ਜਾਨਵਰਾਂ ਨੂੰ ਰੱਖਣ ਲਈ ਜ਼ਰੂਰੀ ਲਾਇਸੈਂਸ ਨਹੀਂ ਹੈ।

ਕੈਨਾਬਿਸ ਅਤੇ ਮੈਥਾਮਫੇਟਾਮਾਈਨ ਸਮੇਤ ਨਸ਼ੀਲੇ ਪਦਾਰਥ ਵੀ ਜ਼ਬਤ ਕੀਤੇ ਗਏ, ਨਾਲ ਹੀ ਸ਼ਿਕਾਰ ਕਰਨ ਵਾਲੇ ਸਾਜ਼ੋ-ਸਾਮਾਨ ਜਿਵੇਂ-ਟ੍ਰੈਕਿੰਗ ਕਾਲਰ, ਬ੍ਰੈਸਟ ਪਲੇਟ, ਸ਼ਿਕਾਰ ਕਰਨ ਵਾਲੇ ਚਾਕੂ ਅਤੇ ਇੱਕ GPS ਹੈਂਡਹੈਲਡ ਟਰੈਕਿੰਗ ਮੋਡੀਊਲ ਵੀ ਜ਼ਬਤ ਕੀਤੇ ਗਏ। ਵਿਅਕਤੀ ਨੂੰ ਹੋਲਬਰੂਕ ਪੁਲਸ ਸਟੇਸ਼ਨ ਲਿਜਾਇਆ ਗਿਆ ਅਤੇ ਉਸ 'ਤੇ ਕਈ ਅਪਰਾਧਾਂ ਦਾ ਦੋਸ਼ ਲਗਾਇਆ ਗਿਆ, ਜਿਸ ਵਿਚ ਬਿਨਾਂ ਲਾਇਸੈਂਸ ਦੇ ਹਥਿਆਰ ਰੱਖਣਾ, ਚੋਰੀ, ਜਾਇਦਾਦ ਨੂੰ ਨੁਕਸਾਨ ਪਹੁੰਚਾਉਣਾ ਅਤੇ ਸੁਰੱਖਿਅਤ ਜਾਨਵਰਾਂ ਦਾ ਸੌਦਾ ਕਰਨਾ ਸ਼ਾਮਲ ਹੈ। ਉਸ 'ਤੇ ਗੈਰ ਕਾਨੂੰਨੀ ਸ਼ਿਕਾਰ ਨਾਲ ਸਬੰਧਤ ਅਪਰਾਧਾਂ ਦਾ ਵੀ ਦੋਸ਼ ਹੈ ਜਿਸ ਵਿਚ ਬਿਨਾਂ ਸਹਿਮਤੀ ਦੇ ਜਾਨਵਰਾਂ ਦਾ ਸ਼ਿਕਾਰ ਕਰਨ ਲਈ ਖੇਤੀਬਾੜੀ ਵਾਲੀ ਜ਼ਮੀਨ ਵਿੱਚ ਦਾਖਲ ਹੋਣਾ ਸ਼ਾਮਲ ਹੈ। 25 ਸਾਲਾ ਨੌਜਵਾਨ ਕੱਲ੍ਹ ਵਾਗਾ ਵਾਗਾ ਅਦਾਲਤ ਵਿੱਚ ਪੇਸ਼ ਹੋਇਆ, ਜਿੱਥੇ ਉਸ ਨੂੰ 14 ਮਈ ਨੂੰ ਅਗਲੀ ਅਦਾਲਤ ਵਿੱਚ ਪੇਸ਼ੀ ਤੋਂ ਪਹਿਲਾਂ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ।

## ਫਿਰ ਤੋਂ ਹੋਈ ਭਾਰੀ ਬਰਸਾਤ, ਦੁਬਈ ਦੀਆਂ ਸਾਰੀਆਂ ਉਡਾਨਾਂ ਰੱਦ, ਸਕੂਲ-ਦਫ਼ਤਰ ਵੀ ਬੰਦ

ਨੈਸ਼ਨਲ ਡੈਸਕ : ਸੰਯੁਕਤ ਅਰਬ ਅਮੀਰਾਤ 'ਚ ਅਪ੍ਰੈਲ 'ਚ ਹੜ੍ਹ ਆਉਣ ਦੇ ਕੁਝ ਦਿਨਾਂ ਬਾਅਦ ਦੇਸ਼ 'ਚ ਮੁੜ ਤੋਂ ਭਾਰੀ ਬਾਰਿਸ਼ ਹੋਣੀ ਸ਼ੁਰੂ ਹੋ ਗਈ ਹੈ। ਦੁਬਈ 'ਚ ਆਉਣ-ਜਾਣ ਵਾਲੀਆਂ ਕਈ ਉਡਾਨਾਂ ਨੂੰ ਰੱਦ ਕਰ ਦਿੱਤਾ ਗਿਆ ਹੈ ਅਤੇ ਉਹਨਾਂ ਵਿਚ ਦੇਰੀ ਹੋ ਗਈ ਹੈ। ਇਸ ਦੌਰਾਨ ਲੋਕਾਂ ਅਤੇ ਵਿਦਿਆਰਥੀਆਂ ਨੂੰ ਘਰ ਤੋਂ ਕੰਮ ਕਰਨ ਅਤੇ ਪੜ੍ਹਾਈ ਕਰਨ ਲਈ ਕਿਹਾ ਗਿਆ ਹੈ। "15 'ਚ ਭਾਰੀ ਮੀਂਹ ਅਤੇ ਤੂਫਾਨ ਕਾਰਨ ਵੀਰਵਾਰ ਨੂੰ ਆਰੇਂਜ ਅਲਰਟ ਜਾਰੀ ਕਰ ਦਿੱਤਾ ਗਿਆ ਸੀ। ਪਿਛਲੇ ਕੁਝ ਦਿਨਾਂ ਤੋਂ, ਯੂਏਈ ਅਸਥਿਰ ਮੌਸਮ ਦੀ ਇਸ ਲਹਿਰ ਲਈ ਤਿਆਰੀ ਕਰ ਰਿਹਾ ਹੈ, ਜਿਸ ਦੇ 2 ਮਈ ਤੋਂ 3 ਮਈ ਤੱਕ ਸਿਖਰ 'ਤੇ ਰਹਿਣ ਦੀ ਸੰਭਾਵਨਾ ਹੈ।

ਸਾਰੇ ਖੇਤਰਾਂ ਦੇ ਲੋਕਾਂ ਨੂੰ ਸੁਰੱਖਿਆ ਉਪਾਅ ਅਪਣਾਉਣ ਦੀ ਸਲਾਹ ਦਿੱਤੀ ਗਈ ਹੈ। ਸਕੂਲ ਦੂਰੀ ਸਿੱਖਣ 'ਤੇ ਹਨ, ਜਦੋਂ ਕਿ ਕੰਪਨੀਆਂ ਨੂੰ ਲੋਕਾਂ ਨੂੰ ਘਰ ਤੋਂ ਕੰਮ ਕਰਨ ਦੀ ਆਗਿਆ ਦੇਣ ਲਈ ਕਿਹਾ ਗਿਆ ਹੈ। ਪਾਰਕ ਅਤੇ ਬੀਚ ਬੰਦ ਕਰ ਦਿੱਤੇ ਗਏ ਹਨ। ਅਮੀਰਾਤ ਵਿੱਚ ਅਸਥਿਰ ਮੌਸਮ ਦੀ ਸਥਿਤੀ ਦੇ ਕਾਰਨ ਦੁਬਈ ਨੇ 2 ਮਈ ਅਤੇ 3 ਮਈ ਨੂੰ ਸਰਕਾਰੀ ਕਰਮਚਾਰੀਆਂ ਲਈ ਘਰ ਤੋਂ ਕੰਮ ਕਰਨ ਦਾ ਐਲਾਨ ਕੀਤਾ ਹੈ।

ਬੁੱਧਵਾਰ ਨੂੰ ਸੰਯੁਕਤ ਅਰਬ ਅਮੀਰਾਤ ਦੀ ਆਫ਼ਤ ਪ੍ਰਬੰਧਨ ਅਥਾਰਟੀ ਨੇ ਆਉਣ ਵਾਲੇ ਮੌਸਮ ਦੀਆਂ ਸਥਿਤੀਆਂ ਨਾਲ ਨਜਿੱਠਣ ਲਈ ਦੇਸ਼ ਦੀ ਤਿਆਰੀ ਨੂੰ ਦੁਹਰਾਇਆ। ਇਸ ਵਿਚ ਕਿਹਾ ਗਿਆ ਹੈ ਕਿ ਸਾਰੀਆਂ ਸਬੰਧਤ ਏਜੰਸੀਆਂ ਉਪਾਵਾਂ ਨੂੰ ਲਾਗੂ ਕਰਕੇ ਅਨੁਮਾਨਤ ਮੌਸਮ ਦੇ ਉਤਰਾਅ-ਚੜ੍ਹਾਅ ਨਾਲ ਨਜਿੱਠਣ ਲਈ ਤਿਆਰ ਹਨ। ਇਸ ਤੋਂ ਪਹਿਲਾਂ, ਐੱਨਸੀਐੱਮ ਮਾਹਰ ਨੇ ਕਿਹਾ ਸੀ ਕਿ ਆਉਣ ਵਾਲੇ ਮੌਸਮ ਦੀ ਸਥਿਤੀ 16 ਅਪ੍ਰੈਲ ਨੂੰ ਹੋਈ ਬਾਰਿਸ਼ ਵਰਗੀ ਹੋਣ ਦੀ ਉਮੀਦ ਨਹੀਂ ਹੈ। ਅਧਿਕਾਰੀਆਂ ਨੇ ਇਸ ਦੌਰਾਨ ਚੁੱਕੇ ਜਾਣ ਵਾਲੇ ਸਾਵਧਾਨੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਹੈ। ਯੂਏਈ ਨੇ ਬੁੱਧਵਾਰ ਨੂੰ ਐਲਾਨ ਕੀਤਾ ਕਿ ਮੌਜੂਦਾ ਮੌਸਮ ਦੀ ਸਥਿਤੀ ਕਾਰਨ ਦੇਸ਼ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ 2 ਅਤੇ 3 ਮਈ ਨੂੰ ਵਿਦਿਆਰਥੀਆਂ ਦੀਆਂ ਆਨਲਾਈਨ ਕਲਾਸਾਂ ਹੋਣਗੀਆਂ।

ਇਸ ਤੋਂ ਇਲਾਵਾ, ਸਰਕਾਰ ਨੇ ਘੋਸ਼ਣਾ ਕੀਤੀ ਕਿ ਦੁਬਈ ਦੇ ਸਾਰੇ ਪ੍ਰਾਈਵੇਟ ਸਕੂਲਾਂ ਵਿੱਚ ਅਸਥਿਰ ਮੌਸਮ ਦੀ ਸੰਭਾਵਨਾ ਕਾਰਨ 2 ਮਈ ਅਤੇ 3 ਮਈ ਨੂੰ ਆਨਲਾਈਨ ਸਿਖਲਾਈ ਹੋਵੇਗੀ। ਗਿਆਨ ਅਤੇ ਮਨੁੱਖੀ ਵਿਕਾਸ ਅਥਾਰਟੀ (KHDA) ਨੇ ਘੋਸ਼ਣਾ ਕੀਤੀ ਕਿ ਇਹ ਫ਼ੈਸਲਾ ਸਾਰੇ ਪ੍ਰਾਈਵੇਟ ਸਕੂਲਾਂ, ਨਰਸਰੀਆਂ ਅਤੇ ਯੂਨੀਵਰਸਿਟੀਆਂ 'ਤੇ ਲਾਗੂ ਹੋਵੇਗਾ। ਰਿਪੋਰਟ ਅਨੁਸਾਰ, ਦੁਬਈ ਹਵਾਈ ਅੱਡੇ ਦੇ ਬੁਲਾਰੇ ਅਨੁਸਾਰ ਦੁਬਈ ਹਵਾਈ ਅੱਡੇ 'ਤੇ ਆਉਣ ਵਾਲੀਆਂ ਪੰਜ ਉਡਾਨਾਂ ਨੂੰ ਰਾਤ ਵਿੱਚ ਬਦਲ ਦਿੱਤਾ ਗਿਆ, ਜਦੋਂ ਕਿ ਨੌਂ ਪਹੁੰਚਣ ਵਾਲੀਆਂ ਅਤੇ ਚਾਰ ਬਾਹਰ ਜਾਣ ਵਾਲੀਆਂ ਉਡਾਨਾਂ ਨੂੰ ਰੱਦ ਕਰ ਦਿੱਤਾ ਗਿਆ।

# ਸਿਹਤ ਵਿਭਾਗ ਵਲੋ ਵੈਕਟਰ ਬੋਰਨ ਅਤੇ ਵਾਟਰ ਬੋਰਨ ਬਿਮਾਰੀਆਂ ਤੋ ਬੱਚਣ ਲਈ ਕੱਸੀ ਕਮਰ

ਮਮਦੋਟ – ਸਿਹਤ ਵਿਭਾਗ ਵਲੋ ਡੇਂਗੂ ਤੇ ਮਲੇਰੀਏ ਦੇ ਡੰਕ ਤੋ ਬੱਚਣ ਅਤੇ ਵਾਟਰ ਬੋਰਨ ਬੀਮਾਰੀਆਂ ਤੋ ਬਚਾਅ ਲਈ ਡਾ: ਰਮਨ ਗੁਪਤਾ ਐਸ ਐਮ ਓ ਮਮਦੋਟ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਮਮਦੋਟ ਵਿਖੇ ਡੇਗੂ ਅਤੇ ਮਲੇਰੀਏ ਦੇ ਪ੍ਰਕੋਪ ਅਤੇ ਦੂਸ਼ਿਤ ਪਾਣੀ ਤੋ ਬਚਾਉ ਲਈ ਜਾਗਰੂਕਤਾ ਕੀਤਾ ਗਿਆ , ਇਸ ਮੌਕੇ ਤੇ ਅੰਕੁਸ਼ ਭੰਡਾਰੀ ਬੀ ਈ ਈ ਨੇ ਗਰਮੀਆਂ ਦਾ ਮੋਸਮ ਸ਼ੁਰੂ ਹੋਣ ਅਤੇ ਡੇਂਗੂ ਤੇ ਮਲੇਰੀਏ ਦੇ ਡੰਕ ਤੋ ਹੋਣ ਵਾਲੀਆਂ ਬੀਮਾਰੀ ਨੂੰ ਫੈਲਣ ਤੋਂ ਰੋਕਣ ਅਤੇ ਇਸ ਤੋਂ ਬਚਾਅ ਦੇ ਲਈ ਸਾਨੂੰ ਸਾਫ-ਸਫਾਈ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ ਅਤੇ ਵਾਟਰ ਬੋਰਨ ਬੀਮਾਰੀਆਂ ਜਿਵੇ ਕੋਲਰਾ,ਹੈਪੀਟੀਟਸ ਏ ਤੇ ਈ ਤੋ ਬਚਾ ਵਾਸਤੇ ਜਾਗਰੂਕ ਕੀਤਾ , ਉਨ੍ਹਾਂ ਕਿਹਾ ਕਿ ਡੇਂਗੂ ਬੁਖਾਰ ਐਡੀਜ਼ ਨਾਮ ਦੇ ਮੱਛਰ ਨਾਲ ਫੈਲਦਾ ਹੈ ਅਤੇ ਇਹ ਸਾਫ਼ ਪਾਣੀ ਵਿਚ ਪਨਪਦਾ ਹੈ।ਜਦਕਿ ਮਲੇਰੀਏ ਦਾ ਮੱਛਰ ਮਾਦਾ ਐਨਾਫਲੀਜ਼ ਰਾਹੀ ਫੈਲਦਾ ਹੈ।ਉਹਨਾਂ ਦੱਸਿਆ ਡੇਗੂ ਮੱਛਰ ਦੇ ਕੱਟਣ ਨਾਲ ਕਿ ਜਦੋਂ ਵਿਅਕਤੀ ਦੇ ਪਲੇਟਲੈਟ ਘੱਟਦੇ ਹਨ ਤਾਂ ਉਹ ਤੁਰੰਤ ਨੇੜ੍ਹੇ ਦੇ ਸਰਕਾਰੀ ਹਸਪਤਾਲ ਵਿਚ ਜਾ ਕੇ ਆਪਣਾ ਇਲਾਜ਼ ਕਰਵਾਉਣ।ਉਨਾਂ ਕਿ ਡੇਂਗੂ ਦਾ ਬੁਖਾਰ ਹੋਣ ਤੇ ਸਿਰਫ ਪੈਰਾਸਿਟਮੋਲ ਦੀ ਗੋਲੀ ਹੀ ਖਾਣੀ ਚਾਹੀਦੀ ਹੈ ਅਤੇ ਐਸਪਰੀਨ ਦੀ ਗੋਲੀ ਦੀ ਵਰਤੋਂ ਨਾ ਕੀਤੀ ਜਾਵੇ।ਉਹਨਾਂ ਕਿਹਾ ਕਿ ਪਾਣੀ ਵੱਧ ਤੋਂ ਵੱਧ ਪੀਣਾ ਚਾਹੀਦਾ ਹੈ ਤਾਂ ਜ਼ੋ ਪਿਸ਼ਾਬ ਵੱਧ ਤੋਂ ਵੱਧ ਆਵੇ ਇਸ ਮੌਕੇ ਬੋਲਦਿਆਂ ਮਹਿੰਦਰਪਾਲ ਤੇ ਪਰਮਜੀਤ ਮ.ਪ.ਹ.ਵ (ਮੇਲ ) ਨੇ ਕਿਹਾ ਕਿ ਜੇਕਰ ਵਿਅਕਤੀ ਦੇ ਸ਼ਰੀਰ ਤੇ ਲਾਲ ਧੱਬੇ ਨਜ਼ਰ ਆਉਣ ਤਾਂ ਸਰਕਾਰੀ ਹਸਪਤਾਲ ਵਿਚ ਇਲਾਜ਼ ਲਈ ਪਹੁੰਚ ਕੀਤੀ ਜਾਵੇ। ।ਉਨਾਂ ਦੱਸਿਆ ਕਿ ਡੇਗੂ ਦੇ ਪ੍ਰਕੋਪ ਨੂੰ ਰੋਕਣ ਦੇ ਲਈ ਹਰ ਸ਼ੁਕਰਵਾਰ ਨੂੰ ਡਰਾਈ ਡੇ ਮਨਾਇਆ ਜਾ ਰਿਹਾ ਹੈ ਅਤੇ ਇਸ ਦਿਨ ਕੂਲਰਾਂ ਅਤੇ ਆਲੇ ਦੁਆਲੇ ਖੜੇ ਪਾਣੀ ਦੀ ਸਫਾਈ ਕਰੇ ਜਾ ਜੋ ਮੱਛਰ ਪੈਦਾ ਨਾ ਹੋ ਸਕਣ । ਇਸ ਮੌਕੇ ਤੇ ਜਾਣਕਾਰੀ ਸਾਂਝੀ ਕਰਦਿਆਂ ਸ਼੍ਰੀ ਅੰਕੁਸ਼ ਭੰਡਾਰੀ ਤੇ ਮਹਿੰਦਰਪਾਲ ਮ.ਪ.ਹ.ਵ (ਮੇਲ) ਨੇ ਕਿਹਾ ਕਿ ਜਿਆਦਾ ਦਿਨਾਂ ਤੱਕ ਖੜ੍ਹੇ ਪਾਣੀ ਵਿਚ ਸਮੇਂ-ਸਮੇਂ ਤੇ ਮਿੱਟੀ ਦਾ ਤੇਲ ਪਾ ਕੇ ਅੱਗ ਲਗਾਉਣੀ ਅਤਿ ਜ਼ਰੂਰੀ ਹੈ ਤਾਂ ਜੋ ਮਲੇਰੀਏ ਤੇ ਡੇਂਗੂ ਦਾ ਵਾਰ ਕਰਦੇ ਮੱਛਰਾਂ ਦਾ ਖਾਤਮਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜਿਆਦਾਂ ਦਿਨਾਂ ਤੱਕ ਖੁੱਲੀ ਹਵਾ ਵਿਚ ਖੜ੍ਹੇ ਪਾਣੀ ਉਪਰ ਅਜਿਹਾ ਮੱਛਰ ਪਨਪਨ ਲੱਗਦਾ ਹੈ, ਜੋ ਮਨੁੱਖੀ ਸਰੀਰ ਲਈ ਕਈ ਘਾਤਕ ਬਿਮਾਰੀਆਂ ਦਾ ਕਾਰਣ ਬਣ ਗੁਜਰਦਾ ਹੈ ਅਤੇ ਇਨ੍ਹਾਂ ਮੱਛਰਾਂ ਦੇ ਵਾਰ ਹੇਠ ਆਏ ਮਨੁੱਖ ਨੂੰ ਮਲੇਰੀਆ ਤੇ ਡੇਂਗੂ ਜਿਹੀਆਂ ਬਿਮਾਰੀਆਂ ਆਣ ਘੇਰਦਿਆਂ ਹਨ, ਜਿਸ ਕਰਕੇ ਮਨੁੱਖ ਕਈ ਦਿਨਾਂ ਤੱਕ ਬਿਮਾਰੀ ਨਾਲ ਲਿਪਤ ਹੋਣ ਕਰਕੇ ਉਠਣ ਦੇ ਯੋਗ ਨਹੀਂ ਹੋ ਪਾਉਂਦਾ।



# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਲੜਕੇ ਦਾ ਨਤੀਜਾ ਰਿਹਾ ਸ਼ਾਨਦਾਰ

ਅੰਮ੍ਰਿਤਸਰ:- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਲੜਕੇ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਾਨਦਾਰ ਰਿਹਾ ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਵਲੋ ਅਵੱਲ ਆਉਣ ਵਾਲੇ ਵਿਦਿਆਰਥੀਆ ਨੂੰ ਸਕੂਲ ਵਿਖੇ ਸਨਮਾਨਿਤ ਕੀਤਾ ਗਿਆ ਵਿਦਿਆਰਥੀਆ ਦਾ ਮੂੰਹ ਮਿੱਠਾ ਕਰਵਾਉਣ ਉਪਰੰਤ ਪ੍ਰਿੰਸੀਪਲ ਮੈਡਮ ਨੇ ਦੱਸਿਆ ਕਿ ਬਾਰਵੀਂ ਜਮਾਤ ਦੇ ਕੁੱਲ 77 ਵਿਦਿਆਰਥੀਆ ਵਿੱਚੋ ਪੰਜ ਵਿਦਿਆਰਥੀਆ ਨੇ 90% ਤੋ ਵੱਧ ਅਤੇ 21 ਵਿਦਿਆਰਥੀਆ ਨੇ 80% ਤੋ ਵੱਧ ਅੰਕ ਪ੍ਰਾਪਤ ਕੀਤੇ ਹਨ ਦਸਵੀਂ ਜਮਾਤ ਦੇ 10 ਵਿਦਿਆਰਥੀਆ ਨੇ 80% ਤੋ ਵੱਧ ਅੰਕ ਪ੍ਰਾਪਤ ਕੀਤੇ ਅੱਠਵੀਂ ਕਲਾਸ ਦੇ ਤਿੰਨ ਵਿਦਿਆਰਥੀਆ ਨੇ 90 % ਤੋ ਵੱਧ ਅਤੇ 19 ਵਿਦਿਆਰਥੀਆ ਨੇ 80% ਤੋ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਨੇ ਸਕੂਲ ਦੇ ਬਾਕੀ ਵਿਦਿਆਰਥੀਆਂ ਨੂੰ ਆਉਣ ਵਾਲੇ ਸਾਲ ਵਿੱਚ ਵਧੀਆ ਪ੍ਰਦਰਸ਼ਨ ਕਰਨ ਲਈ ਮਿਹਨਤ ਕਰਨ ਲਈ ਪ੍ਰੇਰਿਆ ਸਨਮਾਨਿਤ ਹੋਣ ਵਾਲੇ ਵਿਦਿਆਰਥੀਆ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਅਧਿਆਪਕਾਂ ਵਲੋ ਕਰਵਾਈ ਗਈ ਮਿਹਨਤ ਅਤੇ ਪ੍ਰਿੰਸਿਪਲ ਮੈਡਮ ਦੀ ਯੋਗ ਅਗਵਾਈ ਨੂੰ ਦਿੱਤਾ ਗਿਆ ਇਸ ਮੌਕੇ ਲੈਕ ਮਨਜੀਤ ਕੌਰ, ਲੈਕ ਹਰਜੀਤ ਕੌਰ,ਲੈਕ ਬਬੀਤਾ ਧਵਨ,ਲੈਕ ਮਨਪ੍ਰੀਤ ਕੌਰ,ਲੈਕ ਪ੍ਰਦੀਪ ਕਾਲੀਆ,ਲੈਕ ਕਮਲ ਕੁਮਾਰ, ਸ੍ਰ ਸੁਖਦੇਵ ਸਿੰਘ, ਸ੍ਰ ਹਰਮਨਪ੍ਰੀਤ ਸਿੰਘ, ਸ੍ਰੀ ਮਤੀ ਜਸਵਿੰਦਰ ਕੌਰ,ਸ੍ਰੀ ਮਤੀ ਸੋਨੀਆ ਸੇਠੀ,ਸ੍ਰੀ ਮਤੀ ਸਤਿੰਦਰਜੀਤ ਕੌਰ, ਸ੍ਰ ਸੁਖਦੇਵ ਸਿੰਘ, ਸ੍ਰੀ ਕੇਵਲ ਕ੍ਰਿਸ਼ਨ ਅਤੇ ਸਮੂਹ ਸਟਾਫ ਹਾਜਰ ਸੀ ।।








ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜ਼ਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com